ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 20 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੬ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਉਮੀਦਵਾਰਾਂ ਦੀ ਨਾਮਜ਼ਦਗੀ ਰੱਦ ਬਾਰੇ 48 ਘੰਟਿਆਂ 'ਚ ਦੱਸਿਆ ਜਾਵੇ ਕਾਰਨ', ਹਾਈਕੋਰਟ ਨੇ ਪੰਜਾਬ ਚੋਣ ਕਮਿਸ਼ਨ ਨੂੰ ਦਿੱਤੇ ਹੁਕਮ

**ਚੰਡੀਗੜ੍ਹ, 19 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਹਰਿਆਣਾ ਹਾਈਕੋਰਟ ਨੇ ਨਿਗਮ ਚੋਣਾਂ ਨੂੰ ਲੈ ਕੇ ਪੰਜਾਬ ਦੇ ਚੋਣ ਕਮਿਸ਼ਨ ਨੂੰ ਹੁਕਮ ਨਾਮਜ਼ਦਗੀਆਂ ਰੱਦ ਬਾਰੇ ਦੇ ਮਾਮਲੇ ਵਿੱਚ ਸਖਤ ਹੁਕਮ ਜਾਰੀ ਕੀਤੇ ਹਨ। ਹਾਈਕੋਰਟ ਨੇ ਚੋਣ ਕਮਿਸ਼ਨ ਨੂੰ ਨਿਗਮ ਤੇ ਕੌਂਸਲ ਦੇ ਜਿਹੜੇ ਵੀ ਉਮੀਦਵਾਰਾਂ ਦੀ ਨਾਮਜ਼ਦਗੀ ਰੱਦ ਕੀਤੀਆਂ ਗਈਆਂ ਹਨ, ਉਨ੍ਹਾਂ ਦਾ 48 ਘੰਟਿਆਂ 'ਚ ਕਾਰਨ ਦੱਸਦੇ ਹੋਏ ਸਪੀਕਿੰਗ ਆਰਡਰ ਪਾਸ ਕਰਨ ਦੇ ਹੁਕਮ ਦਿੱਤੇ ਹਨ। ਹਾਈਕੋਰਟ ਨੇ ਇਸ ਦੇ ਨਾਲ ਹੀ, ਜਿਨ੍ਹਾਂ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਵੀਕਾਰ ਕੀਤੇ ਗਏ ਹਨ, ਉਨ੍ਹਾਂ ਦੀ ਅੰਤਿਮ ਸੂਚੀ ਅੱਜ ਦੇਰ ਰਾਤ ਤੱਕ ਪੂਰੀ ਜਾਣਕਾਰੀ ਸਮੇਤ ਅਪਲੋਡ ਕਰ ਦਿੱਤੀ ਜਾਵੇ। ਹਾਈ ਕੋਰਟ ਨੇ ਇਨ੍ਹਾਂ ਚੋਣਾਂ ਸੰਬੰਧੀ ਦਾਇਰ ਪਟੀਸ਼ਨ ਦਾ ਨਿਪਟਾਰਾ ਕਰਦੇ ਹੋਏ ਪੰਜਾਬ ਰਾਜ ਚੋਣ ਕਮਿਸ਼ਨ ਨੂੰ ਇਹ ਹੁਕਮ ਜਾਰੀ ਕੀਤਾ ਹੈ। ਇਨ੍ਹਾਂ ਮੰਗਾਂ ਸੰਬੰਧੀ ਦਾਇਰ ਪਟੀਸ਼ਨ ਵਿੱਚ, ਐਡਵੋਕੇਟ ਪਰਮਵੀਰ ਸਿੰਘ ਸੰਨੀ ਨੇ ਹਾਈ ਕੋਰਟ ਨੂੰ ਦੱਸਿਆ ਕਿ ਕਮਿਸ਼ਨ ਉਨ੍ਹਾਂ ਆਧਾਰਾਂ ਬਾਰੇ ਕੋਈ ਜਾਣਕਾਰੀ ਨਹੀਂ ਦੇ ਰਿਹਾ ਹੈ ਜਿਨ੍ਹਾਂ ਦੇ ਆਧਾਰ 'ਤੇ ਨਾਮਜ਼ਦਗੀਆਂ ਰੱਦ ਕੀਤੀਆਂ ਗਈਆਂ ਹਨ। ਬਿਨਾਂ ਕੋਈ ਕਾਰਨ ਦੱਸੇ ਨਾਮਜ਼ਦਗੀਆਂ ਰੱਦ ਕੀਤੀਆਂ ਜਾ ਰਹੀਆਂ ਹਨ, ਅਤੇ ਇੱਥੋਂ ਤੱਕ ਕਿ ਜਿਨ੍ਹਾਂ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਵੀਕਾਰ ਕੀਤੇ ਗਏ ਹਨ, ਉਨ੍ਹਾਂ ਲਈ ਵੀ ਅੰਤਿਮ ਸੂਚੀ ਬਾਰੇ ਕੋਈ ਜਾਣਕਾਰੀ ਅਪਲੋਡ ਨਹੀਂ ਕੀਤੀ ਜਾ ਰਹੀ ਹੈ।

## ਕਰਜ਼ੇ ਦੀ ਦਲਦਲ 'ਚ ਪੰਜਾਬ !

# ਸਰਕਾਰ ਨੇ ਮੁੜ ਲਿਆ 2500 ਕਰੋੜ ਰੁਪਏ ਦਾ ਕਰਜ਼

**ਚੰਡੀਗੜ੍ਹ, 19 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ 'ਤੇ ਕਰਜ਼ੇ ਦੀ ਪੰਡ ਲਗਾਤਾਰ ਭਾਰੀ ਹੁੰਦੀ ਜਾ ਰਹੀ ਹੈ। ਦੱਸ ਦਈਏ ਕਿ ਪੰਜਾਬ ਸਰਕਾਰ ਵੱਲੋਂ 2500 ਕਰੋੜ ਰੁਪਏ ਦਾ ਨਵਾਂ ਕਰਜ਼ਾ ਲਿਆ ਗਿਆ ਹੈ। ਇਸ ਸਬੰਧੀ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਗਿਆ ਹੈ। ਦੱਸ ਦਈਏ ਕਿ ਸਰਕਾਰ ਵੱਲੋਂ ਇਹ ਕਰਜ਼ਾ ਤਿੰਨ ਹਿੱਸਿਆਂ 'ਚ ਲਿਆ ਗਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਪੰਜਾਬ ਸਰਕਾਰ ਨੇ 1,000 ਕਰੋੜ ਰੁਪਏ ਦੇ ਨਵੇਂ ਕਰਜ਼ੇ ਦਾ ਐਲਾਨ ਕੀਤਾ ਹੈ। ਵਿੱਤ ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ, ਇਹ 18 ਸਾਲਾਂ ਦਾ ਸਰਕਾਰੀ ਬਾਂਡ ਹੋਵੇਗਾ। ਨਿਲਾਮੀ 19 ਮਈ, 2026 ਨੂੰ ਭਾਰਤੀ ਰਿਜ਼ਰਵ ਬੈਂਕ, ਮੁੰਬਈ ਰਾਹੀਂ ਕੀਤੀ ਜਾਵੇਗੀ। ਸਰਕਾਰ ਨੇ ਕਿਹਾ ਹੈ ਕਿ ਇਸ ਰਕਮ ਦੀ ਵਰਤੋਂ ਪੂੰਜੀ ਖਰਚ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਫੰਡ ਦੇਣ ਲਈ ਕੀਤੀ ਜਾਵੇਗੀ। ਕਰਜ਼ਾ 20 ਮਈ, 2044 ਨੂੰ ਵਾਪਸ ਕੀਤਾ ਜਾਵੇਗਾ। ਬਾਂਡ 'ਤੇ ਵਿਆਜ ਦਰ ਨਿਲਾਮੀ 'ਤੇ ਨਿਰਧਾਰਤ ਕੱਟ-ਆਫ ਉਪਜ 'ਤੇ ਅਧਾਰਤ ਹੋਵੇਗੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਨੇ 800 ਕਰੋੜ ਰੁਪਏ ਦਾ 15 ਸਾਲ ਮਿਆਦ ਵਾਲਾ ਸਰਕਾਰੀ ਲੋਨ ਜਾਰੀ ਕਰਨ ਦਾ ਐਲਾਨ ਕੀਤਾ ਗਿਆ ਹੈ। ਵਿੱਤ ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਦੇ ਮੁਤਾਬਿਕ ਇਹ ਰਾਸ਼ੀ ਵਿਕਾਸ ਯੋਜਨਾਵਾਂ ਅਤੇ ਪੂੰਜੀਗਤ ਖਰਚਿਆਂ ਦੇ ਲਈ ਇੱਕਠੀ ਕੀਤੀ ਜਾਵੇਗੀ। ਇਹ ਬਾਂਡ 19 ਮਈ, 2026 ਨੂੰ ਭਾਰਤੀ ਰਿਜ਼ਰਵ ਬੈਂਕ ਦੁਆਰਾ ਇੱਕ ਨਿਲਾਮੀ ਪ੍ਰਕਿਰਿਆ ਰਾਹੀਂ ਜਾਰੀ ਕੀਤਾ ਜਾਵੇਗਾ। ਸਫਲ ਬੋਲੀਕਾਰਾਂ ਨੂੰ 20 ਮਈ, 2026 ਨੂੰ ਭੁਗਤਾਨ ਕਰਨ ਦੀ ਲੋੜ ਹੋਵੇਗੀ। ਸਰਕਾਰ ਦੇ ਅਨੁਸਾਰ, ਇਸ ਸਰਕਾਰੀ ਸਟਾਕ ਦੀ ਮਿਆਦ ਪੂਰੀ ਹੋਣ ਦੀ ਮਿਆਦ 15 ਸਾਲ ਹੋਵੇਗੀ ਅਤੇ ਇਸਨੂੰ 20 ਮਈ, 2041 ਨੂੰ ਰੀਡੀਮ ਕੀਤਾ ਜਾਵੇਗਾ। ਵਿਆਜ ਦਰ ਨਿਲਾਮੀ ਵਿੱਚ ਨਿਰਧਾਰਤ ਕੱਟ-ਆਫ ਉਪਜ ਦੇ ਅਧਾਰ ਤੇ ਨਿਰਧਾਰਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਨੇ 700 ਕਰੋੜ ਰੁਪਏ ਇਕੱਠੇ ਕਰਨ ਲਈ 7.84% ਪੰਜਾਬ ਐਸਜੀਐਸ 2038 ਬਾਂਡ ਦੁਬਾਰਾ ਜਾਰੀ ਕਰਨ ਦਾ ਫੈਸਲਾ ਕੀਤਾ ਹੈ। ਭਾਰਤੀ ਰਿਜ਼ਰਵ ਬੈਂਕ 19 ਮਈ, 2026 ਨੂੰ ਈ-ਕੁਬੇਰ ਪ੍ਰਣਾਲੀ ਰਾਹੀਂ ਇਨ੍ਹਾਂ ਬਾਂਡਾਂ ਦੀ ਨਿਲਾਮੀ ਕਰੇਗਾ।




## ਦਮਦਮੀ ਟਕਸਾਲ ਵਿਖੇ ਸ਼ਹੀਦੀ ਜੋੜ ਮੇਲੇ ਸਬੰਧੀ ਸੂਬਾ ਪੱਧਰੀ ਵਿਸ਼ੇਸ਼ ਇਕੱਤਰਤਾ ਅੱਜ

### ਸੰਤ ਗਿ. ਹਰਨਾਮ ਸਿੰਘ ਖਾਲਸਾ ਦੀ ਪ੍ਰਧਾਨਗੀ 'ਚ 1 ਤੋਂ 6 ਜੂਨ ਦੇ ਸ਼ਹੀਦੀ ਸਮਾਗਮਾਂ ਸਬੰਧੀ ਹੋਣਗੀਆਂ ਅਹਿਮ ਵਿਚਾਰਾਂ



**ਚੌਕ ਮਹਿਤਾ, 19 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜੂਨ 1984 ਦੇ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਵਿਸ਼ਾਲ ਸ਼ਹੀਦੀ ਜੋੜ ਮੇਲਾ ਅੰਤਰਰਾਸ਼ਟਰੀ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਗੁਰਦੁਆਰਾ ਗੁਰ ਦ ਰ ਸ਼ਨ ਪ੍ਰਕਾਸ਼ ਮਹਿਤਾ ਵਿਖੇ 1 ਤੋਂ 6 ਜੂਨ ਤੱਕ ਹੋ ਰਹੇ ਇਸ ਮਹਾਨ ਸ਼ਹੀਦੀ ਸਮਾਗਮ ਦੀਆਂ ਤਿਆਰੀਆਂ ਤੇ ਲੋੜੀਂਦੇ ਵੱਖ-ਵੱਖ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਅੱਜ 20 ਮਈ ਨੂੰ ਸਵੇਰੇ 11:30 ਹਾਲ ਵਿਖੇ ਇਕ ਵਿਸ਼ੇਸ਼ ਸੂਬਾ ਪੱਧਰੀ ਇਕੱਤਰਤਾ ਸੱਦੀ ਗਈ ਹੈ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਹੋਵੇਗੀ, ਜਿਸ ਵਿਚ ਵੱਖ-ਵੱਖ ਧਾਰਮਿਕ ਸੰਪਰਦਾਵਾਂ, ਪੰਥਕ ਜਥੇਬੰਦੀਆਂ, ਸੇਵਾ ਕਮੇਟੀਆਂ, ਟਕਸਾਲੀ ਵਿਦਿਆਰਥੀਆਂ, ਪ੍ਰਚਾਰਕਾਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਗਿਆ ਹੈ। ਇਹ ਸ਼ਹੀਦੀ ਸਮਾਗਮ 1 ਮਈ ਤੋਂ ਹੀ ਸ਼ੁਰੂ ਹੋ ਚੁੱਕੇ ਹਨ ਅਤੇ ਵੱਖ-ਵੱਖ ਨਗਰਾਂ ਵਿਚ ਸ਼ਬਦ ਕੀਰਤਨ ਤੇ ਕਥਾ ਦੇ ਪ੍ਰਵਾਹ ਨਿਰੰਤਰ ਚੱਲ ਰਹੇ ਹਨ। 1 ਜੂਨ ਤੋਂ ਦਮਦਮੀ ਟਕਸਾਲ ਮਹਿਤਾ ਵਿਖੇ ਸ਼ਹੀਦੀ ਹਫ਼ਤਾ ਆਰੰਭਹੋਵੇਗਾ, ਜਿਸ ਦੌਰਾਨ ਰੋਜ਼ਾਨਾ ਸ਼ਾਮ ਸਮਾਗਮ ਹੋਣਗੇ, ਉਪਰੰਤ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ 6 ਜੂਨ ਨੂੰ ਮੁੱਖ ਅਤੇ ਮਹਾਨ ਸ਼ਹੀਦੀ ਸਮਾਗਮ ਹੋਵੇਗਾ।

## ਮੀਰੀ ਪੀਰੀ ਕਾਲਜ ਅਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਦੇ ਡਾਕਟਰ ਤੇ ਮੁਲਾਜ਼ਮਾਂ ਵਿੱਚ ਸਹਿਮ ਦਾ ਮਾਹੌਲ ਪੈਦਾ ਕਰਨ ਤੋਂ ਬਾਜ ਆਵੇ ਝੀਂਡਾ- ਜਥੇਦਾਰ ਦਾਦੂਵਾਲ



ਤਲਵੰਡੀ ਸਾਬੋ, 19 ਮਈ (ਗੁਰਜੰਟ ਸਿੰਘ ਨਥੇਹਾ)- ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਬਾਰੇ ਮਾਣਯੋਗ ਹਾਈਕੋਰਟ ਵਲੋਂ 12 ਮਈ ਨੂੰ ਹਰਿਆਣਾ ਦੇ ਹੱਕ ਵਿੱਚ ਫੈਸਲਾ ਆਉਣ ਤੋਂ ਬਾਅਦ ਇਹ ਸੰਸਥਾ ਕਨੂੰਨੀ ਤੌਰ ਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਬਣ ਗਈ ਹੈ ਜਿਸ ਉੱਪਰ ਲੰਬੇ ਸਮੇਂ ਤੋਂ ਬਾਦਲ ਪ੍ਰੀਵਾਰ ਵੱਲੋਂ ਆਪਣੇ ਚਹੇਤਿਆਂ ਰਾਹੀਂ ਨਜਾਇਜ਼ ਕਬਜ਼ਾ ਕੀਤਾ ਹੋਇਆ ਸੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਲਦੀ ਹੀ ਕਾਨੂੰਨੀ ਤਰੀਕੇ ਦੇ ਨਾਲ ਲਿਖਾ ਪੜੀ ਕਰਕੇ ਸੰਸਥਾ ਨੂੰ ਆਪਣੇ ਪ੍ਰਬੰਧ ਹੇਠ ਕਰ ਲਿਆ ਜਾਵੇਗਾ। ਪਤਾ ਲੱਗਾ ਹੈ ਕਿ 12 ਮਈ ਹਾਈਕੋਰਟ ਦੇ ਫੈਸਲੇ ਤੋਂ ਬਾਅਦ ਜਗਦੀਸ਼ ਸਿੰਘ ਝੀਂਡਾ ਕਮੇਟੀ ਮੁਲਾਜ਼ਮਾਂ ਦੀ ਫੌਜ ਲੈ ਕੇ ਮੀਰੀ ਪੀਰੀ ਸੰਸਥਾ ਵਿੱਚ ਰੋਜ਼ਾਨਾ ਡੇਰਾ ਜਮਾ ਕੇ ਬੈਠ ਜਾਂਦਾ ਹੈ। ਡਾਕਟਰਾਂ ਅਤੇ ਮੁਲਾਜ਼ਮਾਂ ਨਾਲ ਗੈਰਕਨੂੰਨੀ ਸਾਜ ਬਾਜ ਕਰਕੇ ਸਹਿਮ ਦਾ ਮਾਹੌਲ ਪੈਦਾ ਕਰ ਰਿਹਾ ਹੈ। ਇਨਾਂ ਗੈਰ ਕਨੂੰਨੀ ਹਰਕਤਾਂ ਤੋਂ ਜਗਦੀਸ਼ ਸਿੰਘ ਝੀਂਡਾ ਤੁਰੰਤ ਬਾਜ ਆਵੇ ਕਿਉਂਕਿ ਕੇਵਲ ਹਰਿਆਣਾ ਹੀ ਨਹੀਂ ਸਾਰੇ ਸੰਸਾਰ ਦੇ ਸਿੱਖਾਂ ਨੂੰ ਪਤਾ ਹੈ ਕਿ ਜਗਦੀਸ਼ ਸਿੰਘ ਝੀਂਡਾ ਨੇ ਬਾਦਲ ਗੱਲ ਦੀ ਝੋਲੀ ਵਿੱਚ ਬੈਠ ਉਨਾਂ ਦੀ ਕਠਪੁਤਲੀ ਹੱਥ ਠੋਕਾ ਬਣ ਕੇ ਸੰਸਥਾ ਨੂੰ ਹਰਿਆਣਾ ਕਮੇਟੀ ਹਵਾਲੇ ਕਰਨ ਲਈ ਡੱਕਾ ਵੀ ਨਹੀਂ ਤੋੜਿਆ ਸਗੋਂ ਹਮੇਸ਼ਾ ਗਲਤ ਬਿਆਨਬਾਜ਼ੀ ਕਰਕੇ ਬਾਦਲਾਂ ਦੀ ਹੀ ਪੁਸ਼ਤਪਨਾਹੀ ਕੀਤੀ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਝੀਂਡਾ ਨੂੰ ਤਾੜਨਾ ਕਰਦਿਆਂ ਮੀਡੀਆ ਨਾਲ ਕੀਤਾ ਗਿਆ। ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਦੱਸਿਆ ਸਾਰੀ ਦੁਨੀਆ ਜਾਣਦੀ ਹੈ ਕਿ ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਗੁਰਦੁਆਰਾ ਮਸਤਗੜ ਸਾਹਿਬ ਦੀ ਜ਼ਮੀਨ ਵਿੱਚ ਬਣਿਆ ਹੈ ਜਿਸ ਗੁਰਦੁਆਰੇ ਦਾ ਪ੍ਰਬੰਧ ਹੁਣ ਹਰਿਆਣਾ ਕਮੇਟੀ ਦੇ ਕੋਲ ਹੈ। ਹੈਰਾਨੀ ਦੀ ਗੱਲ ਕਿ ਜ਼ਮੀਨ ਵੀ ਗੁਰਦੁਆਰਾ ਸਾਹਿਬ ਦੀ ਅਤੇ ਪੈਸਾ ਵੀ ਗੁਰਦੁਆਰਾ ਸਾਹਿਬ ਦਾ ਲੱਗਿਆ ਪਰ ਨਾਜਾਇਜ਼ ਕਬਜ਼ਾ ਬਾਦਲ ਪਰਿਵਾਰ ਨੇ ਆਪਣੇ ਚਹੇਤਿਆਂ ਰਾਹੀਂ ਨਿੱਜੀ ਤੌਰ 'ਤੇ ਕੀਤਾ ਹੋਇਆ ਸੀ ਜਿਸ ਨਾਜਾਇਜ ਕਬਜੇ ਨੂੰ ਛਡਾਉਣ ਵਾਸਤੇ ਜਥੇਦਾਰ ਦਾਦੂਵਾਲ ਨੇ ਆਪਣੀ ਟੀਮ ਦੇ ਸਹਿਯੋਗ ਨਾਲ ਕਨੂੰਨੀ ਲੜਾਈ ਨੂੰ ਬੜੀ ਸ਼ਿੱਦਤ ਨਾਲ ਲੜਿਆ ਅਤੇ ਜਿੱਤ ਪ੍ਰਾਪਤ ਕੀਤੀ। ਇਸ ਦੌਰਾਨ 20 ਮਾਰਚ ਨੂੰ ਬਾਦਲ ਦਲ ਦੇ ਚਹੇਤਿਆਂ ਵੱਲੋਂ ਜਥੇਦਾਰ ਦਾਦੂਵਾਲ ਅਤੇ ਉਨਾਂ ਦੇ ਨਾਲ ਗਏ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ, ਜੂਨੀਅਰ ਮੀਤ ਪ੍ਰਧਾਨ ਅਤੇ ਸੀਨੀਅਰ ਮੈਂਬਰ ਸਾਹਿਬਾਨਾਂ ਉਤੇ ਹਮਲਾ ਵੀ ਕੀਤਾ ਅਤੇ ਦਸਤਾਰ ਦੀ ਬੇਅਦਬੀ ਵੀ ਕੀਤੀ ਸੀ ਜਿਸਦਾ 28 ਮਾਰਚ ਨੂੰ ਬਾਦਲ ਪ੍ਰੀਵਾਰ ਦੇ ਹਰਿਆਣਾ ਵਿਚਲੇ ਹੱਥਠੋਕੇ ਰਘੂਜੀਤ ਸਿੰਘ ਵਿਰਕ, ਬਲਦੇਵ ਸਿੰਘ ਕਿਆਮਪੁਰ ਸਮੇਤ 20 ਦੋਸ਼ੀਆਂ ਉੱਪਰ ਮੁਕੱਦਮਾਂ ਵੀ ਦਰਜ ਹੋਇਆ ਸੀ ਜੋ ਕਾਰਵਾਈ ਅਧੀਨ ਹੈ। ਪਰ ਝੀਂਡਾ ਵੱਲੋਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਦੇ ਨਾਲ ਖੜਨ ਦੀ ਬਜਾਏ ਉਲਟਾ ਬਾਦਲ ਪ੍ਰੀਵਾਰ ਅਤੇ ਉਸ ਦੇ ਲੱਠਮਾਰਾ ਨਾਲ ਖੜਨਾ ਕੀਤਾ ਸੀ ਜਿਸ ਨਾਲ ਬਾਦਲ ਝੀਂਡਾ ਗੱਠਜੋੜ ਹੁਣ ਪੂਰੀਆਂ ਸਿੱਖ ਸੰਗਤਾਂ ਵਿੱਚ ਨੰਗਾ ਹੋ ਚੁੱਕਾ ਹੈ ਕਿ ਜਗਦੀਸ਼ ਸਿੰਘ ਝੀਂਡਾ ਹਮੇਸ਼ਾ ਹਰਿਆਣਾ ਕਮੇਟੀ ਅਤੇ ਹਰਿਆਣੇ ਦੇ ਸਿੱਖਾਂ ਦੇ ਖਿਲਾਫ ਉਸ ਬਾਦਲ ਪ੍ਰੀਵਾਰ ਦੀ ਬਾਜਰੀ ਖਾ ਕੇ ਉਨਾਂ ਦੀ ਪੁਸ਼ਤਪਨਾਹੀ ਕਰ ਰਿਹਾ ਹੈ ਬਾਦਲ ਦਲ ਦੀ ਕਠਪੁਤਲੀ ਹੱਥਠੋਕਾ ਬਣਿਆ ਹੋਇਆ ਹੈ ਅਤੇ ਹਰਿਆਣੇ ਦੇ ਸਿੱਖਾਂ ਨਾਲ ਗਦਾਰੀ ਕਰ ਰਿਹਾ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਮੀਰੀ ਪੀਰੀ ਹਸਪਤਾਲ ਅਤੇ ਮੈਡੀਕਲ ਕਾਲਜ ਦਾ ਪ੍ਰਬੰਧ ਹੁਣ ਬਹੁਤ ਚੰਗੇ ਤਰੀਕੇ ਨਾਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਕਰੇਗੀ ਅਤੇ ਮੈਡੀਕਲ ਕਾਲਜ ਦੀ ਇਮਾਰਤ ਦਾ ਅਧੂਰਾ ਕੰਮ ਵੀ ਜਲਦੀ ਹੀ ਪੂਰਾ ਕੀਤਾ ਜਾਵੇਗਾ ਸਰਕਾਰ ਨਾਲ ਗੱਲਬਾਤ ਕਰਕੇ ਐਨ ਓ ਸੀ ਪ੍ਰਾਪਤ ਕੀਤੀ ਜਾਵੇਗੀ ਅਤੇ ਫਿਰ ਸਾਡੇ 100 ਬੱਚੇ ਬੱਚੀਆਂ ਹਰ ਸਾਲ ਐਮ.ਬੀ.ਬੀ.ਐਸ ਡਾਕਟਰ ਬਣ ਕੇ ਨਿਕਲਿਆ ਕਰਨਗੇ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਡਾਕਟਰਾਂ ਤੇ ਮੁਲਾਜ਼ਮਾਂ ਨੂੰ ਕਿਸੇ ਤਰਾਂ ਦੇ ਸਹਿਮ ਦਾ ਸ਼ਿਕਾਰ ਨਹੀਂ ਹੋਣਾ ਚਾਹੀਦਾ ਅਤੇ ਨਾ ਹੀ ਜਗਦੀਸ਼ ਸਿੰਘ ਝੀਂਡਾ ਨਾਲ ਕਿਸੇ ਤਰਾਂ ਦਾ ਗੈਰ ਕਨੂੰਨੀ ਸਾਜ ਬਾਜ ਕਰਨਾ ਚਾਹੀਦਾ ਹੈ ਕਿਉਂਕਿ ਇਸ ਕਾਲਜ ਅਤੇ ਹਸਪਤਾਲ ਦਾ ਸਮੁੱਚਾ ਪ੍ਰਬੰਧ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਰਨਲ ਹਾਊਸ ਅਤੇ ਅੰਤ੍ਰਿੰਗ ਕਮੇਟੀ ਦੇ ਕੋਲ ਹੋਵੇਗਾ ਜਗਦੀਸ਼ ਸਿੰਘ ਝੀਂਡਾ ਫੇਲ ਹੋ ਚੁੱਕਾ ਹੈ ਅਤੇ ਨਿਕੰਮਾ ਸਾਬਿਤ ਹੋਇਆ ਹੈ ਇਕੱਲੇ ਤੌਰ ਤੇ ਨਾ ਤਾਂ ਕਿਸੇ ਨੂੰ ਬਰਖਾਸਤ ਕਰ ਸਕਦਾ ਹੈ ਅਤੇ ਨਾ ਹੀ ਕਿਸੇ ਨੂੰ ਕਾਲਜ ਹਸਪਤਾਲ ਵਿੱਚ ਨੌਕਰੀ ਦੇ ਸਕਦਾ ਹੈ ਅਤੇ ਨਾ ਹੀ ਕਿਸੇ ਨੂੰ ਮੀਰੀ ਪੀਰੀ ਟਰੱਸਟ ਦਾ ਮੈਂਬਰ ਬਣਾ ਸਕਦਾ ਹੈ ਟਰੱਸਟ ਦੇ ਮੈਂਬਰ ਵੀ ਪੜੇ ਲਿਖੇ ਮੈਡੀਕਲ ਕਨੂੰਨੀ ਲਾਇਨ ਨਾਲ ਜੁੜੇ ਹੋਏ ਲੋਕ ਹੀ ਬਣਾਏ ਜਾਣਗੇ ਇਸ ਦਾ ਸਮੁੱਚਾ ਪ੍ਰਬੰਧ ਕਿਸੇ ਇੱਕ ਵਿਅਕਤੀ ਕੋਲ ਨਹੀਂ ਸਮੁੱਚੀ ਹਰਿਆਣਾ ਕਮੇਟੀ ਦੇ ਕੋਲ ਹੋਵੇਗਾ ਅਤੇ ਅਗਲਾ ਪਿਛਲਾ ਸਾਰਾ ਹਿਸਾਬ ਕਿਤਾਬ ਕੀਤਾ ਜਾਵੇਗਾ ਇਸ ਲਈ ਝੀਂਡਾ ਵੀ ਹਸਪਤਾਲ ਅਤੇ ਕਾਲਜ ਵਿੱਚ ਗੈਰਕਾਨੂੰਨੀ ਸਾਜਬਾਜ ਕਰਨ ਤੋਂ ਬਾਜ਼ ਆਵੇ।

### ਹਰਿਆਣਾ ਕਮੇਟੀ ਵੱਲੋਂ ਮੈਡੀਕਲ ਅਤੇ ਕਨੂੰਨੀ ਲਾਈਨ ਨਾਲ ਜੁੜੇ ਲੋਕ ਹੀ ਬਣਾਏ ਜਾਣਗੇ ਮੀਰੀ ਪੀਰੀ ਟਰੱਸਟ ਦੇ ਮੈਂਬਰ

ਆਵਾਜ਼ਿ ਕੌਮ
AWAZE QAUM
International Newspaper & WEB TV

## ਸ਼੍ਰੋਮਣੀ ਕਮੇਟੀ ਨੇ ਜਲੰਧਰ 'ਚ ਬੇਅਦਬੀ ਦੀ ਘਟਨਾ ਦੀ ਕੀਤੀ ਸਖ਼ਤ ਨਿੰਦਾ, ਕੁਲਵੰਤ ਸਿੰਘ ਮੰਨਣ ਬੋਲੇ - ਕਾਨੂੰਨ ਸਿਰਫ਼ ਕਾਗਜ਼ਾਂ ਤੱਕ ਸੀਮਤ




**ਜਲੰਧਰ, 19 ਮਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਸ਼ਹਿਰ ਦੇ ਰਾਜਾ ਗਾਰਡਨ ਮੁਹੱਲੇ ਵਿੱਚ ਗੁਰੂ ਸਾਹਿਬ ਦੇ ਪਵਿੱਤਰ ਗੁਟਕਾ ਸਾਹਿਬ ਦੇ ਪੱਤਰੇ ਪਾੜ ਕੇ ਸੁੱਟਣ ਦੀ ਇੱਕ ਬੇਹੱਦ ਮੰਦਭਾਗੀ ਅਤੇ ਦਰਦਨਾਕ ਘਟਨਾ ਸਾਹਮਣੇ ਆਈ ਹੈ। ਇਸ ਬੇਅਦਬੀ ਦੀ ਘਟਨਾ ਨੂੰ ਲੈ ਕੇ ਸਿੱਖ ਸੰਗਤਾਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਘਟਨਾ 'ਤੇ ਡੂੰਘੇ ਦੁੱਖ ਅਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਐਸ.ਜੀ.ਪੀ.ਸੀ. ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਸਿੱਖਾਂ ਦੇ ਮਨਾਂ ਨੂੰ ਡੂੰਘੀ ਸੱਟ ਮਾਰਦੀਆਂ ਹਨ। ਉਨ੍ਹਾਂ ਮੌਜੂਦਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਸੂਬੇ ਵਿੱਚ ਬੇਅਦਬੀ ਦੀਆਂ ਘਟਨਾਵਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ। ਅਜੇ ਮਹਿਜ਼ 15-20 ਦਿਨ ਪਹਿਲਾਂ ਹੀ ਸੁਹਾਣਾ ਵਿਖੇ ਵੀ ਬੇਅਦਬੀ ਦੀ ਘਟਨਾ ਵਾਪਰੀ ਸੀ, ਅਤੇ ਹੁਣ ਜਲੰਧਰ ਵਿੱਚ ਫਿਰ ਇਹੀ ਸਭ ਦੁਹਰਾਇਆ ਗਿਆ ਹੈ। ਪੋਲੀਵੁੱਡ ਵੀਡੀਓ ਸਮੱਗਰੀ ਕੁਲਵੰਤ ਸਿੰਘ ਮੰਨਣ ਨੇ ਸਰਕਾਰ ਦੇ ਦਾਅਵਿਆਂ ਨੂੰ ਖੋਖਲਾ ਦੱਸਦਿਆਂ ਕਿਹਾ ਕਿ ਸਰਕਾਰਾਂ ਸਖ਼ਤ ਕਾਨੂੰਨ ਬਣਾਉਣ ਦੀਆਂ ਗੱਲਾਂ ਤਾਂ ਕਰਦੀਆਂ ਹਨ, ਪਰ ਅਸਲੀਅਤ ਵਿੱਚ ਉਨ੍ਹਾਂ 'ਤੇ ਕੋਈ ਅਮਲ ਨਹੀਂ ਹੋ ਰਿਹਾ। ਜੇਕਰ ਕਾਨੂੰਨ ਸਹੀ ਤਰੀਕੇ ਨਾਲ ਲਾਗੂ ਹੁੰਦਾ, ਤਾਂ ਅਪਰਾਧੀਆਂ ਦੇ ਹੌਸਲੇ ਇੰਨੇ ਬੁਲੰਦ ਨਾ ਹੁੰਦੇ। ਉਨ੍ਹਾਂ ਮੰਗ ਕੀਤੀ ਕਿ ਜੇਕਰ ਸਰਕਾਰ 20 ਸਾਲ ਦੀ ਸਜ਼ਾ ਦਾ ਦਾਅਵਾ ਕਰਦੀ ਹੈ, ਤਾਂ ਦੋਸ਼ੀਆਂ 'ਤੇ ਉਸੇ ਤਹਿਤ ਸਖ਼ਤ ਪਰਚਾ ਦਰਜ ਕੀਤਾ ਜਾਵੇ ਅਤੇ ਮਾਮਲੇ ਦਾ 'ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ' ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਪਾਪੀਆਂ ਨੂੰ ਫਾਂਸੀ ਵਰਗੀ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ ਤਾਂ ਜੋ ਭਵਿੱਖ ਵਿੱਚ ਕੋਈ ਅਜਿਹੀ ਹਰਕਤ ਕਰਨ ਦੀ ਹਿੰਮਤ ਨਾ ਕਰ ਸਕੇ। ਇਸ ਦੇ ਨਾਲ ਹੀ ਉਨ੍ਹਾਂ ਸਮੂਹ ਗੁਰੂ ਘਰਾਂ ਦੇ ਪ੍ਰਬੰਧਕਾਂ ਅਤੇ ਗ੍ਰੰਥੀ ਸਿੰਘਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਸਹਿਜਤਾ ਅਤੇ ਮੁਸਤੈਦੀ ਨਾਲ ਗੁਰੂ ਘਰਾਂ ਦੀ ਸੁਰੱਖਿਆ ਅਤੇ ਮਰਯਾਦਾ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਪ੍ਰਬੰਧ ਕਰਨ।





ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆਂ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੌ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV








# 2 ਜੂਨ ਨੂੰ ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

## ਸੰਤ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

# ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਜਲੰਧਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਉੱਤਰੀ ਭਾਰਤ ਵਿੱਚ ਭਿਆਨਕ ਗਰਮੀ ਵਾਲੇ ਮਾਹੌਲ ਦੇ ਬਾਵਜੂਦ ਵੀਹਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਦੀਆਂ ਤਿਆਰੀਆਂ ਪੂਰੇ ਉਤਸ਼ਾਹ ਅਤੇ ਜ਼ੋਰ-ਸ਼ੋਰ ਨਾਲ ਜਾਰੀ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਦੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲਿਆਂ ਨੇ ਦੱਸਿਆ ਕਿ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਦੀ ਅਗਵਾਈ ਹੇਠ ਸੰਤਾਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਦਿਨ-ਰਾਤ ਵੱਖ-ਵੱਖ ਪੰਥਕ ਸ਼ਖਸੀਅਤਾਂ, ਸੰਤਾਂ-ਮਹਾਂਪੁਰਸ਼ਾਂ ਅਤੇ ਸੰਗਤਾਂ ਨਾਲ ਰਾਬਤਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਅਤੇ ਦੇਸ਼-ਵਿਦੇਸ਼ ਵਿੱਚ ਸਰਗਰਮ ਆਗੂ ਆਪੋ-ਆਪਣੇ ਇਲਾਕਿਆਂ ਵਿੱਚ ਸੰਗਤਾਂ ਨੂੰ 2 ਜੂਨ ਨੂੰ ਪਿੰਡ ਰੋਡੇ ਵਿਖੇ ਸਥਿਤ ਗੁਰਦੁਆਰਾ ਸੰਤ ਖਾਲਸਾ ਵਿਖੇ ਪਹੁੰਚਣ ਲਈ ਸੱਦਾ ਪੱਤਰ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਪਹੁੰਚਣ ਦੀ ਸੰਭਾਵਨਾ ਹੈ, ਜਿਸ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਸੰਤ ਜੱਸੋਵਾਲ ਨੇ ਦੱਸਿਆ ਕਿ ਪਿੰਡ ਰੋਡੇ ਵਿਖੇ ਪਹੁੰਚ ਰਹੀਆਂ ਸੰਗਤਾਂ ਦੀ ਸਹੂਲਤ ਲਈ ਥਾਂ-ਥਾਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ, ਲੰਗਰਾਂ ਅਤੇ ਹੋਰ ਸੇਵਾਵਾਂ ਲਈ ਵੱਖ-ਵੱਖ ਸੰਸਥਾਵਾਂ ਅਤੇ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ ਸੰਗਤਾਂ ਦੀਆਂ ਗੱਡੀਆਂ ਅਤੇ ਮੋਟਰਾਂ ਦੀ ਪਾਰਕਿੰਗ, ਬੈਠਣ ਦੀ ਵਿਵਸਥਾ ਅਤੇ ਲੰਗਰ ਛਕਣ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਦੂਰ-ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਧਾਰਮਿਕ ਦੀਵਾਨ, ਗੁਰਬਾਣੀ ਕੀਰਤਨ, ਕਥਾ-ਵਿਚਾਰ ਅਤੇ ਪੰਥਕ ਵਿਚਾਰਾਂ ਦਾ ਵੀ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਪ੍ਰਸਿੱਧ ਰਾਗੀ, ਢਾਡੀ ਅਤੇ ਕਥਾਵਾਚਕ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਇਟਲੀ, ਆਸਟਰੀਆ, ਕੈਨੇਡਾ ਅਤੇ ਅਮਰੀਕਾ ਦੇ ਸਿੰਘਾਂ ਵੱਲੋਂ ਵੀ ਸਮੂਹ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ 2 ਜੂਨ 2026 ਨੂੰ ਪਿੰਡ ਰੋਡੇ ਵਿਖੇ ਹੋ ਰਹੇ ਮਹਾਨ ਸਮਾਗਮ ਵਿੱਚ ਹੁੰਮ-ਹੁੰਮਾ ਕੇ ਪਹੁੰਚਿਆ ਜਾਵੇ ਅਤੇ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਮੌਕੇ ਕਰਵਾਏ ਜਾ ਰਹੇ ਧਾਰਮਿਕ ਸਮਾਗਮਾਂ ਵਿੱਚ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਜਾਣ। ਇਹ ਪ੍ਰੈਸ ਨੋਟ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਵੱਲੋਂ ਜਾਰੀ ਕੀਤਾ ਗਿਆ।






## 2 ਜੂਨ ਨੂੰ ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

## ਸੰਤ ਚਰਨਜੀਤ ਸਿੰਘ ਜੱਸੋਵਾਲ

### ਦਮਦਮੀ ਟਕਸਾਲ, ਭਿੰਡਰਾਂਵਾਲੇ

### ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



★ ਪ੍ਰਣਾਮ ਸ਼ਹੀਦਾਂ ਨੂੰ ★

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਬਾਬਾ ਥਾਰਾ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ ਜਿਨ੍ਹਾਂ ਨੇ ਜੂਨ 1984 ਵਿੱਚ 'ਧਰਮ ਹੇਤ ਸੀਸ ਵਾਰ' ਕੇ ਪੰਜਵੇਂ ਨਾਨਕ ਗੁਰੂ ਅਰਜਨ ਪਾਤਸ਼ਾਹ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।

ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਗੁਰਦੁਵਾਰਾ ਸਾਹਿਬ Hesperia 1.30 pm ਕੱਲ ਐਤਵਾਰ ਆਰੰਭ SRI SEHEJ PATH JI In Memory of All Saheed who laid their lives for protection of SRI DARBARAND SRI AKAL TAKHATSAHIB of 6th. June AIHD ( ਤੀਸਰਾ ਘੱਲੂਘਾਰਾ) ਸ੍ਰੀ ਸਹਿਜ ਪਾਠ ਦੇ ਭੋਗ 7th. ਜੂਨ 2026 ਨੂੰ 10 ਵਜੇ ਪੈਣਗੇ ਉਪਰੰਤ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਾਏ ਜਾਣਗੇ

--★ ਜਾਰੀ ਕਰਤਾ ★--

# ਸਮੂਹ ਪ੍ਰਬੰਧਕ ਕਮੇਟੀ

## ਗੁਰਦੁਵਾਰਾ ਸਾਹਿਬ Hesperia U. S.A.

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਕੀਰਤਨ ਦਰਬਾਰ



ਸਲਾਨਾ ਬਰਸੀ ਸੰਤ ਕਿਰਪਾਲ ਸਿੰਘ ਸਾਹਿਬ ਜੀ ਸੱਤੋਵਾਲੀ ਗਲੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ ।



☛ ਸ਼ੁੱਕਰਵਾਰ 22 ਮਈ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ। ☛ ਸ਼ਨਿੱਚਰਵਾਰ 23 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। ਸ਼ਨਿੱਚਰਵਾਰ 23 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 24 ਮਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ( ਸ੍ਰੀ ਅੰਮ੍ਰਿਤਸਰ ਸਾਹਿਬ ਜੀ) ਭਾਈ ਸਰੂਪ ਸਿੰਘ ਜੀ ਰੂਪ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਸੁਰੱਖਿਆ ਪਹਿਲ ਤਹਿਤ ਐਚਐਮਈਐਲ ਟੈਂਕਰ ਅਤੇ ਟਰੱਕ ਚਾਲਕ ਦਲ ਤੇ ਸਹਿਕਰਮੀਆਂ ਲਈ

# ਮੁਫ਼ਤ ਸਿਹਤ ਅਤੇ ਅੱਖਾਂ ਦੀ ਜਾਂਚ ਕੈਂਪ ਆਯੋਜਿਤ







**ਤਲਵੰਡੀ ਸਾਬੋ, 19 ਮਈ (ਗੁਰਜੰਟ ਸਿੰਘ ਨਥੇਹਾ)**- ਐਚਐਮਈਐਲ ਵੱਲੋਂ ਟੈਂਕਰ ਅਤੇ ਟਰੱਕ ਚਾਲਕ ਦਲ, ਹੈਲਪਰਾਂ ਅਤੇ ਸਹਿਕਰਮੀਆਂ ਦੀ ਸਿਹਤ, ਸੁਰੱਖਿਆ ਅਤੇ ਸਮੁੱਚੇ ਭਲਾਈ ਨੂੰ ਪਹਿਲ ਦੇਂਦੇ ਹੋਏ "ਐਚਐਮਈਐਲ ਪਲੱਸ" ਪਹਿਲ ਤਹਿਤ ਮਈ ਮਹੀਨੇ ਦੌਰਾਨ ਮੁਫ਼ਤ ਸਿਹਤ ਜਾਂਚ ਅਤੇ ਅੱਖਾਂ ਦੀ ਜਾਂਚ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਕਰਮਚਾਰੀਆਂ ਅਤੇ ਸਹਿਯੋਗੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ, ਉਨ੍ਹਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਸੁਰੱਖਿਅਤ ਕਾਰਜ-ਸੰਸਕ੍ਰਿਤੀ ਨੂੰ ਮਜ਼ਬੂਤ ਬਣਾਉਣਾ ਸੀ। ਇਸੇ ਕੜੀ ਤਹਿਤ ਪੈਟਰੋਲੀਅਮ ਪਦਾਰਥਾਂ ਦੇ ਸੁਰੱਖਿਅਤ ਸੰਚਾਲਨ, ਸੜਕ ਸੁਰੱਖਿਆ ਅਤੇ ਸਿਹਤ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਏਕਜੋਤ ਆਈ ਹਸਪਤਾਲ ਦੇ ਸਹਿਯੋਗ ਨਾਲ ਟੈਂਕਰ ਅਤੇ ਟਰੱਕ ਚਾਲਕ ਦਲ ਲਈ ਵਿਸ਼ੇਸ਼ ਮੁਫ਼ਤ ਅੱਖਾਂ ਦੀ ਜਾਂਚ ਕੈਂਪ ਆਯੋਜਿਤ ਕੀਤਾ ਗਿਆ। ਕੈਂਪ ਦੌਰਾਨ ਕਰਮਚਾਰੀਆਂ ਦੀ ਨਜ਼ਦੀਕੀ ਅਤੇ ਦੂਰ ਦੀ ਨਜ਼ਰ ਨਾਲ ਸੰਬੰਧਿਤ ਜਾਂਚ ਕੀਤੀ ਗਈ। ਮਾਹਿਰ ਡਾਕਟਰਾਂ ਵੱਲੋਂ ਅੱਖਾਂ ਦੀ ਦੇਖਭਾਲ, ਨਜ਼ਰ ਦੀ ਸੁਰੱਖਿਆ ਅਤੇ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਕਰਵਾਉਣ ਦੇ ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸਦੇ ਨਾਲ ਹੀ ਰੋਜ਼ਾਨਾ ਕੰਮ ਦੌਰਾਨ ਅੱਖਾਂ ਦੀ ਸੁਰੱਖਿਆ ਲਈ ਜ਼ਰੂਰੀ ਸਾਵਧਾਨੀਆਂ ਅਤੇ ਬਚਾਅ ਉਪਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ "ਫ੍ਰੀ ਹੈਲਥ ਚੈਕ-ਅੱਪ ਕੈਂਪੇਨ" ਤਹਿਤ ਸਿਵਲ ਹਸਪਤਾਲ ਬਠਿੰਡਾ ਦੇ ਸਹਿਯੋਗ ਨਾਲ ਸਿਹਤ ਜਾਂਚ ਕੈਂਪ ਵੀ ਲਗਾਏ ਗਏ। ਇਨ੍ਹਾਂ ਕੈਂਪਾਂ ਵਿੱਚ ਟੈਂਕਰ ਅਤੇ ਟਰੱਕ ਚਾਲਕ ਦਲ, ਹੈਲਪਰਾਂ ਅਤੇ ਵੱਖ-ਵੱਖ ਪਲਾਂਟ ਯੂਨਿਟਾਂ ਦੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਭਾਗੀਦਾਰਾਂ ਨੂੰ ਆਮ ਸਿਹਤ ਜਾਂਚ, ਸਿਹਤ ਸਲਾਹ, ਅੱਖਾਂ ਦੀ ਜਾਂਚ ਅਤੇ ਮੁਫ਼ਤ ਦਵਾਈਆਂ ਵਰਗੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ। ਕੈਂਪ ਦੌਰਾਨ ਡਾਕਟਰਾਂ ਵੱਲੋਂ ਕਰਮਚਾਰੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ, ਨਿਯਮਿਤ ਸਿਹਤ ਜਾਂਚ ਕਰਵਾਉਣ ਅਤੇ ਕਾਰਜਸਥਲ 'ਤੇ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਖਾਸ ਤੌਰ 'ਤੇ ਅੱਖਾਂ ਦੀ ਜਾਂਚ ਕੈਂਪ ਵਿੱਚ ਨਜ਼ਰ ਨਾਲ ਸੰਬੰਧਿਤ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਅਤੇ ਇਲਾਜ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ, ਤਾਂ ਜੋ ਸੜਕ ਸੁਰੱਖਿਆ ਅਤੇ ਕਾਰਜਕੁਸ਼ਲਤਾ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ। ਐਚਐਮਈਐਲ ਦੀ ਇਹ ਪਹਿਲ ਕਰਮਚਾਰੀਆਂ ਦੇ ਭਲਾਈ, ਸਿਹਤ ਸੇਵਾਵਾਂ ਅਤੇ ਸੁਰੱਖਿਅਤ ਕਾਰਜ-ਵਾਤਾਵਰਣ ਨੂੰ ਪ੍ਰੋਤਸਾਹਿਤ ਕਰਨ ਪ੍ਰਤੀ ਕੰਪਨੀ ਦੀ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦੀ ਹੈ। "ਐਚਐਮਈਐਲ ਪਲੱਸ" ਰਾਹੀਂ ਕੰਪਨੀ ਲਗਾਤਾਰ ਆਪਣੇ ਕਰਮਚਾਰੀਆਂ, ਚਾਲਕ ਦਲ ਅਤੇ ਸਹਿਕਰਮੀਆਂ ਦੀ ਸਿਹਤ, ਸੁਰੱਖਿਆ ਅਤੇ ਸਮੁੱਚੇ ਵਿਕਾਸ ਲਈ ਅਰਥਪੂਰਨ ਯਤਨ ਕਰ ਰਹੀ ਹੈ।

ਅਮਨਦੀਪ ਹਸਪਤਾਲ ਫਿਰੋਜ਼ਪੁਰ ਤੇ ਉਜਾਲਾ ਸਿਗਨਸ ਵੱਲੋਂ

# 21 ਮਈ ਨੂੰ ਜਲਾਲਾਬਾਦ ਵਿੱਚ ਮੁਫ਼ਤ ਹਾਰਟ ਚੈਕਅੱਪ ਕੈਂਪ



**ਫ਼ਿਰੋਜ਼ਪੁਰ, 19 ਮਈ (ਮਨੋਹਰ ਲਾਲ) :—** ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ 21 ਮਈ ਵੀਰਵਾਰ ਨੂੰ ਜਲਾਲਾਬਾਦ ਅਤੇ ਆਸ—ਪਾਸ ਦੇ ਇਲਾਕਿਆਂ ਦੇ ਲੋਕਾਂ ਲਈ ਮੁਫ਼ਤ ਹਾਰਟ ਚੈਕਅੱਪ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਮਿੱਢਾ ਮਲਟੀ ਸਪੈਸ਼ਲਟੀ ਹਸਪਤਾਲ, ਜਲਾਲਾਬਾਦ ਵੈਸਟ ਵਿਖੇ ਲਗਾਇਆ ਜਾਵੇਗਾ। ਕੈਂਪ ਦੌਰਾਨ ਮਸ਼ਹੂਰ ਸੀਨੀਅਰ ਕਨਸਲਟੈਂਟ ਇੰਟਰਵੇਂਸ਼ਨਲ ਕਾਰਡੀਓਲੋਜਿਸਟ ਡਾ: ਹਾਕਿਮ ਇਰਫਾਨ ਸ਼ੌਕਤ ਵੱਲੋਂ ਮਰੀਜ਼ਾਂ ਨੂੰ ਮੁਫ਼ਤ ਓ.ਪੀ.ਡੀ ਸਲਾਹ ਅਤੇ ਦਿਲ ਨਾਲ ਸੰਬੰਧਿਤ ਜਾਂਚ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਡਾ: ਸ਼ੌਕਤ ਐਮ.ਡੀ. ਅਤੇ ਕਾਰਡੀਓਲੋਜੀ ਵਿੱਚ ਡੀ.ਐਨ.ਬੀ ਸਮੇਤ ਅੰਤਰਰਾਸ਼ਟਰੀ ਪੱਧਰ ਦੀ ਯੋਗਤਾ ਅਤੇ ਲੰਬੇ ਤਜਰਬੇ ਲਈ ਜਾਣੇ ਜਾਂਦੇ ਹਨ। ਇਸ ਸਿਹਤ ਮੁਹਿੰਮ ਦਾ ਮਕਸਦ ਲੋਕਾਂ ਵਿੱਚ ਦਿਲ ਦੀਆਂ ਬਿਮਾਰੀਆਂ ਪ੍ਰਤੀ ਜਾਗਰੂਕਤਾ ਵਧਾਉਣਾ ਅਤੇ ਸਮੇਂ ਸਿਰ ਬਿਮਾਰੀ ਦੀ ਪਹਿਚਾਣ ਯਕੀਨੀ ਬਣਾਉਣਾ ਹੈ। ਮਾਹਿਰਾਂ ਅਨੁਸਾਰ ਅੱਜ ਦੇ ਸਮੇਂ ਵਿੱਚ ਦਿਲ ਦੀਆਂ ਬਿਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਹਨ, ਪਰ ਨਿਯਮਿਤ ਜਾਂਚ ਅਤੇ ਸਮੇਂ ਸਿਰ ਇਲਾਜ ਨਾਲ ਇਨ੍ਹਾਂ ਤੋਂ ਕਾਫ਼ੀ ਹੱਦ ਤੱਕ ਬਚਾਅ ਸੰਭਵ ਹੈ। ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਉੱਚ ਪੱਧਰੀ ਸਿਹਤ ਸੇਵਾਵਾਂ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਸਮੇਂ ਸਿਰ ਜਾਂਚ ਅਤੇ ਜਾਗਰੂਕਤਾ ਰਾਹੀਂ ਦਿਲ ਦੀਆਂ ਬਿਮਾਰੀਆਂ ਦੇ ਖਤਰੇ ਨੂੰ ਕਾਫ਼ੀ ਘਟਾਇਆ ਜਾ ਸਕਦਾ ਹੈ। ਉਜਾਲਾ ਸਿਗਨਸ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਇਹ ਕੈਂਪ ਪੰਜਾਬ ਵਿੱਚ ਬਿਹਤਰ ਕਾਰਡਿਏਕ ਕੇਅਰ ਉਪਲਬਧ ਕਰਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਗੱਲਬਾਤ ਕਰਦਿਆਂ ਡਾ: ਹਾਕਿਮ ਇਰਫਾਨ ਸ਼ੌਕਤ ਨੇ ਕਿਹਾ ਕਿ ਕਈ ਵਾਰ ਦਿਲ ਨਾਲ ਸੰਬੰਧਿਤ ਬਿਮਾਰੀਆਂ ਦੇ ਲੱਛਣ ਸ਼ੁਰੂਆਤੀ ਦੌਰ ਵਿੱਚ ਸਾਹਮਣੇ ਨਹੀਂ ਆਉਂਦੇ ਅਤੇ ਮਰੀਜ਼ ਨੂੰ ਗੰਭੀਰ ਹਾਲਤ ਵਿੱਚ ਹੀ ਬਿਮਾਰੀ ਦਾ ਪਤਾ ਲੱਗਦਾ ਹੈ। ਇਸ ਲਈ ਸਮੇਂ—ਸਮੇਂ 'ਤੇ ਹਾਰਟ ਚੈਕਅੱਪ ਕਰਵਾਉਣਾ ਬਹੁਤ ਜ਼ਰੂਰੀ ਹੈ। ਇਸ ਮੁਫ਼ਤ ਕੈਂਪ ਰਾਹੀਂ ਲੋਕਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਦੇ ਮਾਹਿਰ ਡਾਕਟਰਾਂ ਦੀ ਸਲਾਹ ਅਤੇ ਜਾਂਚ ਦੀ ਸਹੂਲਤ ਦਿੱਤੀ ਜਾਵੇਗੀ। ਅਮਨਦੀਪ ਹਸਪਤਾਲ ਅਤੇ ਉਜਾਲਾ ਸਿਗਨਸ ਪੰਜਾਬ ਵਿੱਚ ਲਗਾਤਾਰ ਉੱਚ ਪੱਧਰੀ ਕਾਰਡਿਏਕ ਕੇਅਰ ਅਤੇ ਕਮਿਊਨਿਟੀ ਹੈਲਥ ਪ੍ਰੋਗਰਾਮਾਂ ਦਾ ਵਿਸਥਾਰ ਕਰ ਰਹੇ ਹਨ ਤਾਂ ਜੋ ਲੋਕਾਂ ਨੂੰ ਸੌਖੀਆਂ, ਕਿਫ਼ਾਇਤੀ ਅਤੇ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਮਿਲ ਸਕਣ। ਉਨ੍ਹਾਂ ਜਲਾਲਾਬਾਦ ਅਤੇ ਆਸ—ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 21 ਮਈ 2026 ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਮਿੱਢਾ ਮਲਟੀ ਸਪੈਸ਼ਲਟੀ ਹਸਪਤਾਲ, ਜਲਾਲਾਬਾਦ ਵੈਸਟ ਵਿਖੇ ਲੱਗਣ ਵਾਲੇ ਇਸ ਮੁਫ਼ਤ ਹਾਰਟ ਚੈਕਅੱਪ ਕੈਂਪ ਦਾ ਲਾਭ ਲੈਣ। ਕੈਂਪ ਲਈ ਕਿਸੇ ਵੀ ਤਰ੍ਹਾਂ ਦੀ ਪਹਿਲਾਂ ਰਜਿਸਟ੍ਰੇਸ਼ਨ ਦੀ ਲੋੜ ਨਹੀਂ ਹੈ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਇਆ ਹੈਂਡਬਾਲ ਮੈਚ

**ਫ਼ਿਰੋਜ਼ਪੁਰ, 19 ਮਈ (ਮਨੋਹਰ ਲਾਲ) :—** ਮੋਗਾ ਰੋਡ ਤੇ ਸਥਿਤ ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਚਲ ਰਿਹਾ ਹੈ। ਸਕੂਲ ਨੇ ਇੱਕ ਇੰਟਰ—ਹਾਊਸ ਲੜਕਿਆਂ ਦਾ ਹੈਂਡਬਾਲ ਮੈਚ ਆਯੋਜਿਤ ਕੀਤਾ। ਇਸ ਮੈਚ ਦੀਆਂ ਤਿਆਰੀਆਂ ਕਈ ਦਿਨਾਂ ਤੋਂ ਚੱਲ ਰਹੀਆਂ ਸਨ। ਸੈਮੀਫਾਈਨਲ ਮੈਚ ਆਰਕੀਮੀਡੀਜ਼ ਅਤੇ ਆਈਨਸਟਾਈਨ ਹਾਊਸ ਟੀਮਾਂ ਵਿਚਕਾਰ ਖੇਡਿਆ ਗਿਆ, ਜੋ ਗੈਲੀਲੀਓ ਅਤੇ ਨਿਊਟਨ ਟੀਮਾਂ ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚੀਆਂ, ਦੋਵਾਂ ਟੀਮਾਂ ਵਿਚਕਾਰ ਜ਼ਬਰਦਸਤ ਮੁਕਾਬਲਾ ਹੋਇਆ। ਟੀਮ ਆਈਨਸਟਾਈਨ ਭਾਰੀ ਜਿੱਤ ਨਾਲ ਜੇਤੂ ਰਹੀ। ਸਕੂਲ ਪ੍ਰਿੰਸੀਪਲ ਰੇਖਾ ਪਾਸੀ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਜੇਤੂ ਟੀਮ ਦੇ ਖਿਡਾਰੀਆਂ ਨੂੰ ਵਧਾਈ ਅਤੇ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਸਰੀਰਕ ਅਤੇ ਮਾਨਸਿਕ ਤੌਰ ਤੇ ਮਜ਼ਬੂਤ ਕਰਨ ਵਾਲੀਆਂ ਅਜਿਹੀਆਂ ਖੇਡਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਡੀ.ਪੀ. ਗੁਰਦੇਵ ਸਿੰਘ ਅਤੇ ਮੋਨੂੰ ਗਿੱਲ ਨੂੰ ਵੀ ਉਨ੍ਹਾਂ ਦੀ ਜਿੱਤ ਤੇ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਉਨ੍ਹਾਂ ਦੀ ਮਿਹਨਤ ਅਤੇ ਮਾਰਗਦਰਸ਼ਨ ਕਾਰਨ ਹੀ ਸੰਭਵ ਹੋਇਆ ਹੈ। ਸਕੂਲ ਪ੍ਰਬੰਧਨ ਵੱਲੋਂ ਬੱਚਿਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।



# ਵਿਕਰਾਂਤ ਚੱਠਾ ਵੱਲੋਂ ਵਾਰਡ ਨੰਬਰ 10 'ਚ ਸਰਗਰਮੀਆਂ ਤੇਜ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਵਿੱਚ ਆਪਣੀਆਂ ਮੁੱਢਲੀਆਂ ਕਤਾਰਾਂ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ, ਧੂਰੀ ਇਲਾਕੇ ਦੇ ਉੱਘੇ ਸਮਾਜ ਸੇਵੀ ਸ, ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫਸੀਆਈ ਟਰੇਡ ਯੂਨੀਅਨ ਭਾਰਤ ਦੇ ਸਪੁੱਤਰ ਵਿਕਰਾਂਤ ਚੱਠਾ ਵੱਲੋਂ ਧੂਰੀ ਦੇ ਵਾਰਡ ਨੰਬਰ 10 ਤੋਂ ਆਪਣੀਆਂ ਸਰਗਰਮੀਆਂ ਤੇਜ ਕੀਤੀਆਂ ਹੋਈਆਂ ਹਨ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਸਮਾਜ ਸੇਵੀ ਵਿਕਰਾਂਤ ਚੱਠਾ ਨੇ ਕਿਹਾ ਇਹ ਕਿ ਸਾਡਾ ਪਰਿਵਾਰ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਤੇ ਵਿੱਚ ਅਹਿਮ ਯੋਗਦਾਨ ਪਾ ਕੇ ਆਪਣੀਆਂ ਸੇਵਾਵਾ ਨਿਭਾ ਰਿਹਾ ਹੈ, ਜਿਸ ਦੇ ਚਲਦਿਆਂ ਵਾਰਡ ਨੰਬਰ 10 ਦੇ ਨਿਵਾਸੀਆਂ ਵੱਲੋਂ ਮਿਲ ਰਹੇ ਸਹਿਯੋਗ ਦਾ ਉਹ ਸਦਾ ਰਿਣੀ ਰਹਿਣਗੇ।

# ਜਲੰਧਰ 'ਚ ਗੁਰਬਾਣੀ ਦੇ ਪਾਵਨ ਗੁਟਕਾ ਸਾਹਿਬ ਦੀ ਹੋਈ ਬੇਅਦਬੀ ਦੀ ਐਡਵੋਕੇਟ ਧਾਮੀ ਨੇ ਕੀਤੀ ਸਖ਼ਤ ਸ਼ਬਦਾਂ 'ਚ ਨਿੰਦਾ



ਨਵੀਂ ਦਿੱਲੀ, 19 ਮਈ (ਮਨਪ੍ਰੀਤ ਸਿੰਘ ਖਾਲਸਾ):– ਜਲੰਧਰ ਦੇ ਰਾਜਾ ਗਾਰਡਨ ਇਲਾਕੇ 'ਚ ਪਾਵਨ ਗੁਰਬਾਣੀ ਦੇ ਗੁਟਕਾ ਸਾਹਿਬ ਦੀ ਬੇਅਦਬੀ ਦਾ ਮਾਮਲਾ ਸਾਹਮਣੇ ਆਉਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਮੰਦਭਾਗੀ ਘਟਨਾ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਬੀਤੇ ਕੁਝ ਸਮੇਂ ਤੋਂ ਪਾਵਨ ਗੁਰਬਾਣੀ ਦੀ ਬੇਅਦਬੀ ਦੀਆਂ ਘਟਨਾਵਾਂ ਵਿਚ ਲਗਾਤਾਰ ਵਾਧਾ ਹੋਇਆ ਹੈ। ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਅਜਿਹੇ ਮਾਮਲਿਆਂ ਵਿਚ ਗੰਭੀਰਤਾ ਅਤੇ ਸਖ਼ਤੀ ਨਾਲ ਕਾਰਵਾਈ ਨਾ ਹੋਣ ਕਾਰਨ ਦੋਸ਼ੀਆਂ ਦੇ ਹੌਸਲੇ ਲਗਾਤਾਰ ਵੱਧ ਰਹੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਵਿਚ ਸੋਧ ਨੂੰ ਲੈ ਕੇ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਦਾ ਪ੍ਰਚਾਰ ਤਾਂ ਕਰ ਰਹੀ ਹੈ, ਪ੍ਰੰਤੂ ਬੇਅਦਬੀ ਦੇ ਦੋਸ਼ੀਆਂ ਖਿਲਾਫ਼ ਕਾਰਵਾਈ ਕਰਨ ਅਤੇ ਇਸ ਪਿੱਛੇ ਸਾਜ਼ਿਸ਼ ਕਰਨ ਵਾਲਿਆਂ ਨੂੰ ਸਾਹਮਣੇ ਲਿਆਉਣ ਵਿਚ ਫੇਲ ਸਾਬਤ ਹੋ ਰਹੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰਬਾਣੀ ਮਨੁੱਖਤਾ ਨੂੰ ਜੀਵਨ ਜਿਊਣ ਲਈ ਸੇਧ ਪ੍ਰਦਾਨ ਕਰਦਿਆਂ ਸਰਬਸਾਂਝੀਵਾਲਤਾ ਦਾ ਉਪਦੇਸ਼ ਦਿੰਦੀ ਹੈ। ਕੁਝ ਲੋਕ ਬੇਅਦਬੀਆਂ ਦੀਆਂ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨਾਲ ਜਿਥੇ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਦੇ ਹਨ, ਉਥੇ ਹੀ ਸੂਬੇ ਦੀ ਭਾਈਚਾਰਕ ਸਾਂਝ ਲਈ ਵੀ ਵੱਡਾ ਖ਼ਤਰਾ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਫਰਜ ਹੈ ਕਿ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਦੇ ਨਾਲ-ਨਾਲ ਅਜਿਹੀਆਂ ਘਟਨਾਵਾਂ ਦੇ ਪਿੱਛੇ ਕੰਮ ਕਰਦੀਆਂ ਸ਼ਕਤੀਆਂ ਨੂੰ ਵੀ ਸਾਹਮਣੇ ਲਿਆਏ। ਉਨ੍ਹਾਂ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਅੰਦਰ ਰੱਖੇ ਗੁਟਕਾ ਸਾਹਿਬ ਤੇ ਪਾਵਨ ਪੋਥੀਆਂ ਦੀ ਮਰਯਾਦਾ ਅਨੁਸਾਰ ਸੰਭਾਲ ਵੱਲ ਵਿਸ਼ੇਸ਼ ਧਿਆਨ ਦੇਣ।

# ਵਾਰਡ ਨੰਬਰ 20 ਤੋਂ ਬੀਜੇਪੀ ਦੇ ਉਮੀਦਵਾਰ ਗੋਰਾ ਵੱਲੋਂ ਸਰਗਰਮੀਆਂ ਤੇਜ਼



ਧੂਰੀ ( ਰਣਜੀਤ ਸਿੰਘ ਪੇਧਨੀ )–ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪ੍ਰੋ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਵਾਰਡ ਨੰਬਰ 20 ਤੋਂ ਚੋਣ ਲੜ ਰਹੇ ਉੱਘੇ ਸਮਾਜ ਸੇਵੀ ਨਰਪਿੰਦਰ ਸਿੰਘ ਗੋਰਾ ਵੱਲੋਂ ਆਪਣਾ ਚੋਣ ਪ੍ਰਚਾਰ ਸਿਖਰਾਂ ਤੇ ਪਹੁੰਚਾਇਆ ਹੋਇਆ ਹੈ ਉਹ ਆਪਣੇ ਚੋਣ ਪ੍ਰਚਾਰ ਵਿੱਚ ਦੂਸਰੀਆਂ ਸਿਆਸੀ ਪਾਰਟੀਆਂ ਦੇ ਆਗੂਆਂ ਨੂੰ ਪਿੱਛੇ ਛੱਡਦੇ ਨਜ਼ਰ ਆ ਰਹੇ ਹਨ। ਜ਼ਿਕਰਯੋਗ ਹੈ ਕਿ ਸਮਾਜ ਸੇਵੀ ਭਿੰਦੀ ਪਹਿਲਾਂ ਤੋਂ ਹੀ ਵਾਰਡ ਨੰਬਰ 20 ਵਿੱਚ ਪਿਛਲੇ ਦੋ ਸਾਲਾਂ ਤੋਂ ਆਪਣੀਆਂ ਸਰਗਰਮੀਆਂ ਵਧਾਈਆਂ ਹੋਈਆਂ ਹਨ। ਜਿਸ ਤਰਾਂ ਗੋਰਾ ਲੋਕਾਂ ਦੀ ਸੇਵਾ ਕਰਦੇ ਹਨ, ਉਸੇ ਹੀ ਤਰ੍ਹਾਂ ਲੋਕ ਵੀ ਉਨ੍ਹਾਂ ਨੂੰ ਆਪਣੀਆਂ ਪਲਕਾਂ ਤੇ ਬਿਠਾ ਰਹੇ ਹਨ। ਇਸ ਮੌਕੇ ਗੋਰਾ ਨੇ ਵਾਰਡ 20 ਦੇ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 26 ਮਈ ਨੂੰ ਆਪਣੇ ਵਾਰਡ ਦੀ ਤਰੱਕੀ ਲਈ ਉਨ੍ਹਾਂ ਨੂੰ ਵੋਟਾਂ ਵਿੱਚ ਜਿੱਤਾਕੇ ਕਾਮਯਾਬ ਬਣਾਓ।

# ਹਲਕਾ ਇੰਚਾਰਜ ਰੰਧਾਵਾ ਪਰਿਵਾਰ ਨਾਲ ਸੰਤ ਘੁੰਨਸ ਨੇ ਕੀਤਾ ਦੁੱਖ ਸਾਂਝਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ, ਰਣਜੀਤ ਸਿੰਘ ਰੰਧਾਵਾ ਦੇ ਸਤਿਕਾਰਯੋਗ ਮਾਤਾ ਜੀ ਜੋ ਪਿਛਲੇ ਦਿਨੀ ਪਰਿਵਾਰ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ ਸਨ। ਮਾਤਾ ਜੀ ਦੇ ਫੁੱਲ ਚੁਗਣ ਦੀ ਰਸਮ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੇ ਪਰਿਵਾਰ ਵੱਲੋਂ ਕੀਤੀ ਗਈ। ਇਸ ਮੌਕੇ ਹਲਕਾ ਮਹਿਲ ਕਲਾਂ ਦੇ ਸਾਬਕਾ ਵਿਧਾਇਕ ਸੰਤ ਬਲਬੀਰ ਸਿੰਘ ਘੁੰਨਸ ਵੱਲੋਂ ਪਰਿਵਾਰ ਦੇ ਨਾਲ ਦੁੱਖ ਸਾਂਝਾ ਕਰਨ ਲਈ ਪਹੁੰਚੇ। ਇਸ ਮੌਕੇ ਸਿੱਖ ਬੁੱਧੀਜੀਵੀ ਮੰਚ ਦੇ ਪ੍ਰਧਾਨ ਮਾਸਟਰ ਹਰਬੰਸ ਸਿੰਘ ਸ਼ੇਰਪੁਰ, ਸੁਰਜੀਤ ਸਿੰਘ ਮੂਲੋਂਵਾਲ, ਹਰਿੰਦਰ ਸਿੰਘ ਰਾਜੋਮਾਜਰਾ, ਅਮਰੀਕ ਸਿੰਘ ਕਾਤਰੋਂ, ਸਰਬਜੀਤ ਸਿੰਘ ਕਾਤਰੋਂ, ਗਰੀਬ ਸਿੰਘ ਛੰਨਾ, ਪਰਮਜੀਤ ਸਿੰਘ ਪੰਮਾ, ਹਰਪਾਲ ਸਿੰਘ ਧੂਰਾ, ਫੌਜੀ ਰਾਮ ਸਿੰਘ ਹਾਜਰ ਸਨ।

# ਖਾਲਸਾ ਰਾਜ ਕਿਵੇਂ ਵਾਪਸ ਆਵੇਗਾ

## ਦੇਵ ਥਰੀਕੇ ਵਾਲਾ ਅਪਰੀਰੇਸ਼ਨ ਸੋਸਾਈਟੀ ਅਤੇ ਪੰਜਾਬੀ ਲਿਸਨਰਜ ਕਲੱਬ ਵਲੋਂ ਰਲ ਕੇ ਵੈਸਾਖੀ ਸਮਾਗਮ 23 ਮਈ 2026 ਨੂੰ ਕਿਬਵਰਥ ਵਿਲਜ ਹਾਲ, ਸਟੇਸ਼ਨ ਸਟਰੀਟ, ਕਿਬਵਰਥ ਬੀਚੈਂਪ, ਲੈਸਟਰਸ਼ਾਇਰ ਵਿਖੇ ਮਨਾਇਆ ਜਾ ਰਿਹਾ ਹੈ












ਦੇਵ ਥਰੀਕੇ ਵਾਲਾ ਅਪਰੀਰੇਸ਼ਨ ਸੋਸਾਈਟੀ ਅਤੇ ਪੰਜਾਬੀ ਲਿਸਨਰਜ ਕਲੱਬ ਵਲੋਂ ਰਲ ਕੇ ਵੈਸਾਖੀ ਸਮਾਗਮ 23 ਮਈ 2026 ਨੂੰ ਕਿਬਵਰਥ ਵਿਲਜ ਹਾਲ, ਸਟੇਸ਼ਨ ਸਟਰੀਟ, ਕਿਬਵਰਥ ਬੀਚੈਂਪ, ਲੈਸਟਰਸ਼ਾਇਰ ਵਿਖੇ ਮਨਾਇਆ ਜਾ ਰਿਹਾ ਹੈ ਜਿਸ ਵਿੱਚ ਖਾਲਸਾ ਰਾਜ ਦੀ ਪ੍ਰਦਰਸ਼ਨੀ, ਕਵੀ ਦਰਬਾਰ, ਬੱਚਿਆਂ ਲਈ ਰੰਗ ਭਰਨ ਦੇ ਮੁਕਾਬਲੇ ਅਤੇ ਦਸਤਾਰ ਸਜਾਉਣ ਦਾ ਮੌਕਾ ਮਿਲੇਗਾ। ਬੰਦਾ ਸਿੰਘ ਬਹਾਦਰ ਜੀ ਨੇ ਪਹਿਲਾ ਖਾਲਸਾ ਰਾਜ 1710 ਨੂੰ ਸਥਾਪਤ ਕੀਤਾ ਸੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਅੰਮ੍ਰਿਤ ਛਕਣ ਉਪਰੰਤ, ਮਾਧੋ ਦਾਸ ਬੈਰਾਗੀ 1708 ਨੂੰ ਬੰਦਾ ਸਿੰਘ ਬਹਾਦਰ ਬਣ ਗਿਆ ਅਤੇ ਗੁਰੂ ਜੀ ਨੇ ਉਸ ਨੂੰ ਖਾਲਸਾ ਫੌਜ ਦਾ ਕਮਾਂਡਰ ਸਥਾਪਤ ਕੀਤਾ ਉਸ ਨੂੰ ਹੁਕਮਨਾਮਾ ਸਾਰੇ ਸਿੱਖ ਉਸਦੀ ਸਹਾਇਤਾ ਕਰਨ , ਪੰਜ ਤੀਰ, ਨਗਾਰਾ, ਇੱਕ ਕਿਰਪਾਨ ਅਤੇ ਕੁੱਝ ਸਿੰਘ ਦਿੱਤੇ ਗਏ ਇਸ ਨਾਲ ਬੰਦਾ ਸਿੰਘ ਬਹਾਦਰ ਨੂੰ ਸ਼ਕਤੀ ਮਿਲੀ। ਉਸ ਨੇ ਜਮੀਨਦਾਰੀ ਸਿਸਟਮ ਨੂੰ ਰੱਦ ਕੀਤਾ ਅਤੇ ਜਮੀਨ ਦੇ ਹੱਕ ਕੰਮ ਕਰਨ ਵਾਲਿਆਂ ਨੂੰ ਦਿੱਤੇ। ਮਹਾਰਾਜਾ ਰਣਜੀਤ ਸਿੰਘ ਜੀ ਦਾ ਖਾਲਸਾ ਰਾਜ ਅਫਗਨਿਸਤਾਨ ਤੋਂ ਦਿੱਲੀ ਤੱਕ ਹੂੰਦਾ ਸੀ ਜੋ 1947 ਨੂੰ ਇੰਡੀਆ ਅਤੇ ਪਾਕਿਸਤਾਨ ਵਿੱਚ ਵੰਡਿਆ ਗਿਆ। ਖਾਲਸਾ ਰਾਜ ਵਾਪਸ ਕਿਵੇਂ ਆ ਸਕਦਾ ਹੈ ? ਇਹ ਸਵਾਲ ਦਾ ਜੁਆਬ ਦਿੰਦਿਆਂ ਸਿੱਖ ਧਰਮ ਦੇ ਪ੍ਰਸਿੱਧ ਕਥਾਵਾਚਕ ਗਿਆਨੀ ਪਰਮਜੀਤ ਸਿੰਘ ਡੁਮੇਲੀ ਵਾਲੇ, ਜਿਨਹਾ ਨੇ ਆਪਣੀ ਪਹਿਲੀ ਕਿਤਾਬ 'ਪ੍ਰਣਾਮ ਸ਼ਹੀਦਾਂ ਨੂੰ' ਇਸ ਸਾਲ ਹੀ ਮਾਂ-ਬੋਲੀ ਪੰਜਾਬੀ ਦੀ ਝੋਲੀ ਪਾਈ ਹੈ, ਜੀ ਨੇ ਦੱਸਿਆ ਕਿ " ਜਿਸ ਦਿੰਨ ਅਸੀਂ ਪੂਰਨ ਤੌਰ ਤੇ ਅੰਦਰੋਂ ਬਾਹਰੋਂ ਖਾਲਸੇ ਸੱਜ ਜਾਵਾਂਗੇ ਉਸ ਦਿੰਨ ਬਿਨਾ ਜਦੋ-ਜਿਹਦ ਖਾਲਸਾ ਰਾਜ ਬਾਪਸ ਹਾਸਲ ਹੋ ਜਾਵੇਗਾ" " ਪੂਰਨ ਤੌਰ ਤੇ ਖਾਲਸੇ ਸਜਣ ਵਾਸਤੇ ਸਾਨੂੰ ਸੱਭ ਤੋਂ ਪਹਿਲਾਂ ਊੜਾ ਤੇ ਜੂੜਾ ਸੰਭਾਲਣਾ ਪਵੇਗਾ, ਭਾਵ ਆਪਣੀ ਮਾਤ ਭਾਸ਼ਾ ਪੰਜਾਬੀ ਸਿਖਣੀ ਅਤੇ ਸਿੱਖੀ ਸਰੂਪ ਧਾਰਨਾ ਪਵੇਗਾ" ਭਾਰਤ ਦੀ ਕਾਂਗਰਸ ਪਾਰਟੀ ਵਲੋਂ ਸ੍ਰੀ ਅਕਾਲ ਤਖਤ ਤੇ ਹਮਲੇ ਤੋਂ ਉਪਰੰਤ 29 ਜਨਵਰੀ 1986 ਨੂੰ ਸ੍ਰੀ ਅੰਮ੍ਰਿਤਸਰ ਵਿਖੇ ਸਰਬੱਤ ਖਾਲਸਾ ਦਾ ਇਕੱਠ ਹੋਇਆ," ਉਸ ਸੁਭਾਗੇ ਦਿੰਨ ਸ੍ਰੀ ਅਕਾਲ ਤਖਤ ਸਾਹਿਬ ਜੀ ਤੋਂ ਸਾਰੀ ਦੁਨੀਆ ਅਤੇ ਸਾਰੇ ਮੁਲਕਾਂ ਦੀਆਂ ਸਰਕਾਰਾਂ/ਹਕੂਮਤਾਂ ਦੇ ਸਾਹਮਣੇ ਐਲਾਨ ਕੀਤਾ ਤੇ ਉਹਨਾ ਨੂੰ ਸੂਚਿੱਤ ਕੀਤਾ ਗਿਆ ਕਿ ਅੱਜ ਤੋਂ ਖਾਲਸਾ ਪੰਥ ਦਾ ਆਪਣਾ ਘਰ "ਖਾਲਿਸਤਾਨ" ਹੋਵੇਗਾ, ਜਿੱਥੇ ਸਿੱਖਾਂ ਦੇ ਬੋਲਬਾਲੇ, ਝੰਡੇ, ਬੁੰਗੇ, ਅਤੇ ਚੌਂਕੀਆ ਸਦਾ ਲਈ ਅਟੱਲ ਹੋਣਗੀਆਂ। ਅਤੇ ਇੱਥੇ ਸਰਬੱਤ ਦਾ ਭਲਾ ਮੰਗਣ ਵਾਲਿਆਂ ਅਤੇ ਦਸਾਂ ਨਹੁੰਆਂ ਦੀ ਕਿਰਤ ਕਮਾਈ ਕਰਨ ਵਾਲਿਆਂ ਦਾ ਰਾਜ ਭਾਗ ਉੱਤੇ ਪੂਰਾ ਪ੍ਰਬੰਧ ਹੋਵੇਗਾ। "ਵੈਸਾਖੀ ਦੇ ਪਰੋਗਰਾਮ ਵਿੱਚ ਖਾਲਸਾ ਰਾਜ ਨੂੰ ਰੂਪਮਾਨ ਕਰਦੀ ਹੋਈ ਪ੍ਰਦਰਸ਼ਨੀ ਲਾ ਰਹੇ ਹੋ, ਇਹ ਬਹੁੱਤ ਹੀ ਸ਼ਲਾਘਾਯੋਗ ਉਪਰਾਲਾ ਹੈ। ਇਹ ਸਮੇ ਦੀ ਮੰਗ ਵੀ ਹੈ ਕਿ ਅਸੀਂ ਖਾਲਸਾ ਰਾਜ ਬਾਰੇ ਸਿੱਖ ਨੌਜਆਨ ਪੀੜੀ ਨੂੰ ਜਾਣੂ ਕਰਵਾਈਏ। ਖਾਲਸਾ ਰਾਜ ਦੇ ਇਤਿਹਾਸ ਨੂੰ ਸਾਡੇ ਇਤਿਹਾਸਕਾਰਾਂ ਨੇ ਲੜੀ ਵਾਰ 1469-1708, ਅਤੇ 1708 ਤੋਂ 1799 ਤੱਕ ਲਿਖਿਆ ਹੈ ਜਿਵੇਂ ਕਿ ਡਾ: ਗੰਡਾ ਸਿੰਘ ਅਤੇ ਪ੍ਰਿਸੀਪਲ ਤੇਜਾ ਸਿੰਘ ਨੇ ਸੱਭ ਤੋਂ ਪਹਿਲਾਂ 'ਏ ਸ਼ੋਰਟ ਹਿਸਟਰੀ ਔਫ ਦਾ ਸਿਖਸ 1469-1765। ਇਸੇ ਤਰਾਂ ਪ੍ਰਿੰਸੀਪਲ ਸਤਿਬੀਰ ਸਿੰਘ ਨੇ 1469-1708 ਅਤੇ 1708 ਤੋਂ 1799 ਤੱਕ ਲਿਖਿਆ ਹੈ ਡਾ:ਸੁਖਦਿਆਲ ਸਿੰਘ ਨੇ ਵੀ 1469-1708 ਅਤੇ 1708 ਤੋਂ 1799 ਤੱਕ ਦਾ ਇਤਿਹਾਸ ਲਿਖਿਆ ਹੈ।" ਜਥੇਦਾਰ ਮੋਹਿੰਦਰ ਸਿੰਘ ਖਹਿਰਾ ਯੂ.ਕੇ. ਗਿਆਨੀ ਸੋਹਨ ਸਿੰਘ ਸੀਤਲ ਜੀ ਦੀ "ਸਿਖ ਰਾਜ ਕਿਵੇਂ ਗਿਆ ?" ਕਿਤਾਬ ਹਰ ਸਿੱਖ ਨੂੰ ਪੜ੍ਹਨੀ ਚਾਹੀਦੀ ਹੈ ਜਿਸ ਵਿੱਚ ਉਨਾ ਨੇ ਮਹਾਰਾਜਾ ਰਣਜੀਤ ਸਿੰਘ ਜੀ ਦੀਆਂ ਕੁੱਝ ਆਖਰੀ ਗੱਲਾਂ ਲਿਖੀਆਂ ਹਨ ਜਿਵੇਂ: " ਮੈਥੋਂ ਜੋ ਪੁੱਜ ਸਰ ਆਈ ਏ, ਤੁਹਾਡੀ ਸੇਵਾ ਕਰ ਚੱਲਿਆਂ ਹਾਂ ।ਮਿਲੇ ਰਹੋਗੇ ਤਾਂ ਬਾਦਸ਼ਾਹ ਬਣੇ ਰਹੋਗੇ,ਨਿਖੜ ਜਾਉਂਗੇ ਤਾਂ ਮਾਰੇ ਜਾਉਂਗੇ ।ਤੁਹਾਡੀ ਤੇਗ ਦੀ ਧਾਂਗ ਸਾਰੀ ਦੁਨੀਆ ਵਿੱਚ ਪਈ ਹੋਈ ਹੈ। ਡਰ ਹੈ, ਤਾਂ ਏਸ ਗੱਲ ਦਾ ਕਿਤੇ ਇਹ ਤੇਗ ਤੁਹਾਡੇ ਆਪਣੇ ਘਰ ਵਿੱਚ ਨਾ ਖੜਕਣ ਲੱਗ ਪਵੇ। ਤੁਹਾਡੇ ਬਰਛਿਆਂ ਦੀ ਪਾਣ, ਤੁਹਾਡੇ ਆਪਣੇ ਲਹੂ ਵਿੱਚ ਨਾ ਉਤਰਨ ਲੱਗ ਪਵੇ। ਖਾਲਸਾ ਜੀ ! ਤੁਸੀਂ ਅੰਮ੍ਰਿਤਧਾਰੀ ਸਿ ਖਹੋ। ਅੰਮ੍ਰਿਤ ਵਿੱਚ ਅਕਾਲੀ ਬਾਣੀ ਦੇ ਨਾਲ ਨਾਲ ਦੋ ਚੀਜਾਂ ਹੋਰ ਵੀ ਖਾਸ ਹਨ। ਇੱਕ ਪਤਾਸੇ ਅਤੇ ਇੱਕ ਲੋਹੇ ਦਾ ਖੰਡਾ। ਬਸ, ਏਸੇ ਵਿੱਚ ਜਮਾਨੇ ਦੀ ਨੀਤੀ ਛਿਪੀ ਹੋਈ ਹੈ। ਜੇ ਲੋੜ ਹੋਵੇ ਤਾਂ ਪਤਾਸਿਆਂ ਵਾਂਗ ਘੁੱਲ ਜਾਇਉ। ਜੇ ਸਮਾ ਆ ਬਣੇ ਤਾਂ ਖੰਡੇ ਵਾਂਗ ਸਖਤ ਤੇ ਤੇਜ਼ ਵੀ ਹੋ ਜਾਇਓ। ਗੁਰੂ ਨਾਨਕ ਮਹਾਰਾਜ ਦੀ ਅਪਾਰ ਕਿਰਪਾ ਤੇ ਤੁਹਾਡੀ ਬਹਾਦਰੀ ਦਾ ਸਦਕਾ, ਏਥੇ ਫੇਰ ਪੰਜਾਬੀ ਸਿੱਖਾਂ ਦਾ ਰਾਜ ਕਾਇਮ ਹੋਇਆ ਹੈ, ਇਸ ਨੂੰ ਸੰਭਾਲੀ ਰੱਖਿਓ। ਦੁਸ਼ਮਣ ਦੀਆਂ ਚਾਲਾਂ ਤੋਂ ਸਾਵਧਾਨ ਰਹਿਣਾ। ਆਜ਼ਾਦੀ ਮੈਨੂੰ ਜਾਨ ਨਾਲੋਂ ਪਿਆਰੀ ਹੈ ।ਸਿੰਘਾ ਦੇ ਝੰਡੇ ਸਦਾ ਉਚੇ ਰਹਿਣ, ਮੇਰੀ ਅੰਤਮ ਇਛਿਆ ਹੈ।"

ਕੋਈ ਦੂਰ ਦੀ ਗੱਲ ਨਹੀਂ, ਦੇਸ ਅੰਦਰ
ਕਦੇ ਅਸੀਂ ਵੀ ਹੁੰਦੇ ਸਾਂ ਸ਼ਾਨ ਵਾਲੇ
ਅਸੀਂ ਪੰਜਾਂ ਦਰਿਆਵਾਂ ਦੇ ਬਾਦਸ਼ਾਹ ਸਾਂ
ਥਾਜ ਤਖਤ ਵਾਲੇ, ਅਣਖ-ਆਣ ਵਾਲੇ।
ਸਾਡੇ ਸਿਰਾਂ ਤੇ ਕਲਗੀਆਂ ਸੁਹੰਦੀਆਂ ਸਨ
ਸਾਨੂੰ ਨਿਉਂਦੇ ਸਨ ਕਈ ਗੁਮਾਨ ਵਾਲੇ।
ਸਾਡੇ ਖਾਲਸਈ ਕੌਮੀ ਨਸ਼ਾਨ ਅੱਗੇ
ਪਾਣੀ ਭਰਦੇ ਸਨ ਕਈ ਨਸ਼ਾਨ ਵਾਲੇ।
ਸਾਡੀ ਚਮਕਦੀ ਤੇਗ ਦੀ ਧਾਰ ਅੱਗੇ
ਭੇਟਾ ਧਰਦੇ ਸਨ ਕਾਬਲ, ਈਰਾਨ ਵਾਲੇ।
ਬਿਨਾ ਪੁਛਿਆਂ ਏਧਰ ਨਾ ਝਾਕਦੇ ਸਨ
ਸਾਡੇ ਸਿਰਾਂ 'ਤੇ ਹੁਕਮ ਚਲਾਨ ਵਾਲੇ।
ਕੌਣ ਜਾਣਦਾ ਸੀ ? ਰੁਲਦੇ ਫਿਰਨਗੇ ਇਹ,
ਆਪਣੇ ਤਾਜ ਵਿੱਚ ਹੀਰੇ ਹੰਡਾਨ ਵਾਲੇ।
'ਸੀਤਲ' ਹਾਲ ਫਕੀਰਾਂ ਦੇ ਨਜਰ ਆਉਂਦੇ,
ਤਾਜ, ਤਖਤ, ਨਸ਼ਾਨ, ਕਿਰਪਾਨ ਵਾਲੇ।

ਇਸ ਸਮਾਗਮ ਵਿੱਚ ਪ੍ਰਸਿੱਧ ਕਵੀ ਗਿਆਨੀ ਮਲੂਕ ਸਿੰਘ ਦੋਸ਼ੀ, ਗਿਆਨੀ ਪਰਮਜੀਤ ਸਿੰਘ ਡੁਮੇਲੀ, ਰਾਮ ਸਿੰਘ ਫਰਵਾਲਾ, ਸੰਤੋਖ ਸਿੰਘ ਅਟਵਾਲ, ਆਰ ਕੇ ਰਾਣੀ, ਤਰਲੋਚਨ ਸਿੰਘ ਚੰਨ ਜੰਡਆਲਵੀ, ਪਾਲ ਸਿੰਘ ਅਤੇ ਹੋਰ ਹਾਜਰੀ ਲਾਵਣਗੇ। ਜਸਪਾਲ ਸਿੰਘ ਬੈਂਸ ਜੀ ਦੀ ਨਵੀਂ ਕਿਤਾਬ " ਖਾਲਸਾ ਫਰੀਡਮ ਚਾਰਟਰ" ਲੋਕ ਅਰਪਨ ਕੀਤੀ ਜਾਵੇਗੀ ।ਬਰਤਾਨੀਆ ਦੇ ਰਾਜਾ ਚਾਰਲਜ ਦੇ ਨੁਮਾਉਂਦੇ ਲੋਰਡ ਲਿਫਟੈਨਿੱਟ ਔਫ ਲ਼ੈਸਟਰਸ਼ਾਇਰ ਮਾਇਕ ਕਪੂਰ ਜੀ ਇਸ ਸਮਾਗਮ ਦੇ ਮੁੱਖ ਮਿਹਮਾਨ ਹੋਣਗੇ। ਅਰੰਭਤਾ ਸਿੱਖਾਂ ਦੇ ਕੌਮੀ ਗੀਤ ਨਾਲ ਹੋਵੇਗੀ। ਸਟੇਜ ਦੀ ਸੇਵਾ ਸ਼ੰਗਾਰਾ ਸਿੰਘ ਰੰਧਾਵਾ ਅਤੇ ਜਸਪਾਲ ਸਿੰਘ ਕੰਗ ਜੀ ਕਰਨਗੇ

**ਹੋਰ ਜਾਣਕਾਰੀ ਲਈ ਹਰਜਿੰਦਰ ਸਿੰਘ ਰਾਏ 07506342603 ਜਾਂ ਗੁਰਨਾਮ ਸਿੰਘ ਰੂਪੋਵਾਲ 07557506045 ਨੂੰ ਸੰਪਰਕ ਕੀਤਾ ਜਾ ਸਕਦਾ ਹੈ ॥**

## ਹਲਕੇ ਕੁੱਤਿਆਂ ਵਾਂਗ ਮਾਸੂਮਾਂ ਨਾਲ ਕੁਕਰਮ ਕਰਨ ਵਾਲੇ


# ਦਰਿੰਦਿਆਂ ਨੂੰ ਵੀ ਮਿਲੇ ਮੌਤ !" - ਕਰਨੈਲ ਸਿੰਘ ਪੀਰ ਮੁਹੰਮਦ

**ਚੰਡੀਗੜ੍ਹ, 19 ਮਈ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ ਖ਼ਤਰਨਾਕ ਅਤੇ ਹਲਕੇ ਹੋਏ ਅਵਾਰਾ ਕੁੱਤਿਆਂ ਨੂੰ ਮੌਤ ਦੇ ਟੀਕੇ ਲਗਾਉਣ ਦੇ ਫੈਸਲੇ ਦਾ ਜ਼ੋਰਦਾਰ ਸਮਰਥਨ ਕੀਤਾ ਹੈ। ਅੱਜ ਇੱਥੋਂ ਜਾਰੀ ਇੱਕ ਅਹਿਮ ਪ੍ਰੈਸ ਬਿਆਨ

ਆਵਾਜ਼ਿ ਕੌਮ AWAZE QAUM International Newspaper & WEB TV

ਵਿੱਚ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਅਦਾਲਤ ਦੇ ਇਸ ਕਦਮ ਨੂੰ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਲਈ ਬੇਹੱਦ ਜ਼ਰੂਰੀ ਅਤੇ ਸ਼ਲਾਘਾਯੋਗ ਦੱਸਿਆ।

ਇਸ ਦੇ ਨਾਲ ਹੀ ਸਮਾਜਿਕ ਬੁਰਾਈਆਂ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਇੱਕ ਬੇਹੱਦ ਸਖ਼ਤ ਅਤੇ ਵੱਡੀ ਮੰਗ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜਿਹੜੇ ਮਨੁੱਖੀ ਜਾਮੇ ਵਿੱਚ ਛੁਪੇ ਦਰਿੰਦੇ ਛੋਟੇ ਬੱਚਿਆਂ, ਧੀਆਂ ਅਤੇ ਔਰਤਾਂ ਨਾਲ ਜਬਰ-ਜਨਾਹ (ਕੁਕਰਮ) ਵਰਗੇ ਘਿਨਾਉਣੇ ਅਪਰਾਧ ਕਰਦੇ ਹਨ, ਉਨ੍ਹਾਂ ਨਾਲ ਵੀ ਸਮਾਜ ਵਿੱਚ ਅਜਿਹਾ ਹੀ ਸਲੂਕ ਕੀਤਾ ਜਾਣਾ ਚਾਹੀਦਾ ਹੈ ਤਾਂ ਹੀ ਸਮਾਜ ਵਿੱਚੋਂ ਗੰਦਗੀ ਖ਼ਤਮ ਹੋਵੇਗੀ।



**ਸੁਪਰੀਮ ਕੋਰਟ ਦੇ ਫੈਸਲੇ ਦਾ ਸਮਰਥਨ; ਪੀਰ ਮੁਹੰਮਦ ਵੱਲੋਂ ਔਰਤਾਂ ਤੇ ਬੱਚਿਆਂ ਦੇ ਗੁਨਾਹਗਾਰਾਂ ਲਈ ਸਖ਼ਤ ਸਜ਼ਾ ਦੀ ਮੰਗ**

ਅਕਾਲੀ ਆਗੂ ਨੇ ਬਿਆਨ ਵਿੱਚ ਆਖਿਆ: ÷ਜਿਸ ਤਰ੍ਹਾਂ ਹਲਕੇ ਅਤੇ ਖ਼ਤਰਨਾਕ ਕੁੱਤੇ ਇਨਸਾਨੀ ਜਾਨਾਂ ਲਈ ਖ਼ਤਰਾ ਬਣਦੇ ਹਨ, ਉਵੇਂ ਹੀ ਮਾਸੂਮ ਬੱਚਿਆਂ ਅਤੇ ਔਰਤਾਂ ਦੀ ਅਸਮਤ ਨੂੰ ਤਾਰ-ਤਾਰ ਕਰਨ ਵਾਲੇ ਅਪਰਾਧੀ ਵੀ ਸਮਾਜ 'ਤੇ ਇੱਕ ਬਦਨੁਮਾ ਦਾਗ. ਹਨ। ਅਜਿਹੇ ਗੰਦੇ ਅਨਸਰਾਂ ਨੂੰ ਸਮਾਜ ਵਿੱਚ ਜਿਊਣ ਦਾ ਕੋਈ ਹੱਕ ਨਹੀਂ ਹੈ। ਜਦੋਂ ਤੱਕ ਇਨ੍ਹਾਂ ਦਰਿੰਦਿਆਂ ਨੂੰ ਅਵਾਰਾ ਤੇ ਹਲਕੇ ਕੁੱਤਿਆਂ ਵਾਂਗ ਖ਼ਤਮ ਕਰਨ ਜਾਂ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦਾ ਕਾਨੂੰਨ ਨਹੀਂ ਬਣਦਾ, ਉਦੋਂ ਤੱਕ ਸਮਾਜ ਵਿੱਚੋਂ ਇਸ ਗੰਦਗੀ ਨੂੰ ਸਾਫ਼ ਨਹੀਂ ਕੀਤਾ ਜਾ ਸਕਦਾ।÷

ਸਰਦਾਰ ਪੀਰ ਮੁਹੰਮਦ ਨੇ ਅੱਗੇ ਕਿਹਾ ਕਿ ਅੱਜ ਦੇ ਦੌਰ ਵਿੱਚ ਬੱਚਿਆਂ ਅਤੇ ਔਰਤਾਂ ਦੀ ਸੁਰੱਖਿਆ ਸਭ ਤੋਂ ਵੱਡੀ ਚੁਣੌਤੀ ਬਣ ਚੁੱਕੀ ਹੈ। ਉਨ੍ਹਾਂ ਮੰਗ ਕੀਤੀ ਕਿ ਦੇਸ਼ ਦੀਆਂ ਅਦਾਲਤਾਂ ਅਤੇ ਸਰਕਾਰਾਂ ਨੂੰ ਅਜਿਹੇ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੋ ਅਪਰਾਧੀਆਂ ਦੇ ਮਨਾਂ ਵਿੱਚ ਅਜਿਹਾ ਖ਼ੌਫ਼ ਪੈਦਾ ਹੋਵੇ ਕਿ ਉਹ ਕਿਸੇ ਮਾਸੂਮ ਵੱਲ ਅੱਖ ਚੁੱਕ ਕੇ ਦੇਖਣ ਦੀ ਹਿੰਮਤ ਵੀ ਨਾ ਕਰ ਸਕਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਮਾਜ ਨੂੰ ਸੁਰੱਖਿਅਤ ਅਤੇ ਸਾਫ਼-ਸੁਥਰਾ ਬਣਾਉਣ ਲਈ ਅਜਿਹੇ ਕੜੇ ਫੈਸਲੇ ਸਮੇਂ ਦੀ ਮੁੱਖ ਲੋੜ ਹਨ।

## ਸਿੱਖਾਂ ਲਈ ਟ੍ਰਾਇਬਲ ਰਾਖਵਾਂਕਰਨ ਲਾਗੂ ਕਰਣ ਦੀ ਮੰਗ: ਜੀਕੇ

# ਵਿਦੇਸ਼ ਪ੍ਰਵਾਸ, ਬੁੱਧੀ ਹਿਜ਼ਰਤ ਤੇ ਧਰਮ ਪਰਿਵਰਤਨ ਰੋਕਣ ਲਈ ਸਰਕਾਰੀ ਨੌਕਰੀਆਂ 'ਚ ਹਿੱਸੇਦਾਰੀ ਜ਼ਰੂਰੀ

**ਨਵੀਂ ਦਿੱਲੀ, 19 ਮਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਨੇ ਸਰਕਾਰੀ ਨੌਕਰੀਆਂ ਵਿੱਚ ਸਿੱਖਾਂ ਲਈ ਕਬੀਲਾ/ਟ੍ਰਾਇਬਸ ਰਾਖਵਾਂਕਰਨ ਲਾਗੂ ਕਰਨ ਦੀ ਮੰਗ ਕੀਤੀ ਹੈ। ਕੌਮੀ ਮਾਇਨੋਰਿਟੀ ਕਮਿਸ਼ਨ ਵੱਲੋਂ ਕਰਵਾਈ ਗਈ ਸੂਬਾਈ ਮਾਇਨੋਰਿਟੀ ਕਮਿਸ਼ਨਾਂ ਦੀ ਕਾਨਫਰੰਸ ਦੌਰਾਨ ਸਿੱਖ ਕੌਮ ਦੇ ਪ੍ਰਤਿਨਿਧੀ ਵਜੋਂ ਬੋਲਦਿਆਂ ਜੀਕੇ ਨੇ ਕਿਹਾ ਕਿ ਸਿੱਖ ਨੌਜਵਾਨਾਂ ਵਿੱਚ ਵਧ ਰਹੇ ਵਿਦੇਸ਼ ਪ੍ਰਵਾਸ, ਬੁੱਧੀ ਹਿਜ਼ਰਤ ਅਤੇ ਧਰਮ ਪਰਿਵਰਤਨ ਨੂੰ ਰੋਕਣ ਲਈ ਸਰਕਾਰੀ ਨੌਕਰੀਆਂ ਵਿੱਚ ਵੱਧ ਮੌਕੇ ਦੇਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਜੀਕੇ ਨੇ ਕਿਹਾ ਕਿ ਸਿੱਖ ਕੌਮ ਨੇ ਮੁਗਲਾਂ ਤੋਂ ਲੈ ਕੇ ਅੰਗਰੇਜ਼ ਹਕੂਮਤ ਤੱਕ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦਿੱਤੀਆਂ ਹਨ ਅਤੇ ਆਜ਼ਾਦੀ ਤੋਂ ਬਾਅਦ ਵੀ ਦੇਸ਼ ਦੀ ਸੁਰੱਖਿਆ, ਹਰਿਤ ਕ੍ਰਾਂਤੀ ਅਤੇ ਸੰਕਟਾਂ ਸਮੇਂ ਨਿਸ਼ਕਾਮ ਸੇਵਾ ਰਾਹੀਂ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਆਜ਼ਾਦੀ ਤੋਂ ਬਾਅਦ ਸਿੱਖਾਂ ਦੇ ਕਈ ਧਾਰਮਿਕ ਅਤੇ ਸੰਵਿਧਾਨਕ ਹੱਕ ਕਮਜ਼ੋਰ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਸੰਵਿਧਾਨ ਦਾ ਆਰਟੀਕਲ 25 ਸਿੱਖਾਂ ਨੂੰ ਕਿਰਪਾਨ ਧਾਰਨ ਕਰਨ ਦਾ ਅਧਿਕਾਰ ਦਿੰਦਾ ਹੈ, ਪਰ ਆਰਮਜ਼ ਐਕਟ ਦੇ ਨਿਯਮਾਂ ਕਾਰਨ ਸਿੱਖ ਨੌਜਵਾਨਾਂ ਨੂੰ ਪ੍ਰਤੀਯੋਗੀ ਪ੍ਰੀਖਿਆਵਾਂ ਅਤੇ ਹੋਰ ਮੌਕਿਆਂ ਦੌਰਾਨ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਜੀਕੇ ਨੇ ਕਿਹਾ ਕਿ ਇਹ ਸਿੱਖਾਂ ਦੇ ਧਾਰਮਿਕ ਅਧਿਕਾਰਾਂ ਦੀ ਗਲਤ ਵਿਆਖਿਆ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਟ੍ਰਾਇਬਲ ਆਧਾਰ ਨਾਲ ਜੁੜੇ ਸਿੱਖ ਭਾਈਚਾਰਿਆਂ ਨੂੰ ਰਾਖਵਾਂਕਰਨ ਮਿਲਣ ਨਾਲ ਸਿੱਖ ਨੌਜਵਾਨ ਆਈ ਏ ਐਸ, ਆਈ ਪੀ ਐਸ, ਆਈ ਆਰ ਐਸ, ਨਿਆਂਪਾਲਿਕਾ, ਯੂਨੀਵਰਸਿਟੀਆਂ ਅਤੇ ਹੋਰ ਸਰਕਾਰੀ ਖੇਤਰਾਂ ਵਿੱਚ ਵੱਧ ਨੁਮਾਇੰਦਗੀ ਹਾਸਲ ਕਰ ਸਕਣਗੇ, ਜਿਸ ਨਾਲ ਨਾ ਸਿਰਫ਼ ਸਿੱਖ ਭਾਈਚਾਰੇ ਨੂੰ ਬਲ ਮਿਲੇਗਾ ਸਗੋਂ ਦੇਸ਼ ਨੂੰ ਵੀ ਯੋਗ ਅਧਿਕਾਰੀ ਮਿਲਣਗੇ। ਜੀਕੇ ਨੇ ਨਾਲ ਹੀ ਕੌਮੀ ਮਾਇਨੋਰਿਟੀ ਕਮਿਸ਼ਨ, ਦਿੱਲੀ ਮਾਇਨੋਰਿਟੀ ਕਮਿਸ਼ਨ ਅਤੇ ਪੰਜਾਬੀ ਅਕਾਦਮੀ ਵਰਗੀਆਂ ਸੰਸਥਾਵਾਂ ਵਿੱਚ ਖਾਲੀ ਅਹੁਦੇ ਜਲਦ ਭਰਨ ਦੀ ਮੰਗ ਕੀਤੀ। ਉਨ੍ਹਾਂ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਕੋਲ ਮਾਇਨੋਰਿਟੀ ਦਰਜੇ ਵਾਲੇ ਕਾਲਜਾਂ ਲਈ ਵੱਖਰਾ ਵਿਭਾਗ ਬਣਾਉਣ ਦੀ ਵੀ ਅਪੀਲ ਕੀਤੀ, ਤਾਂ ਜੋ ਇਨ੍ਹਾਂ ਅਦਾਰਿਆਂ ਦੇ ਸੰਵਿਧਾਨਕ ਅਧਿਕਾਰਾਂ ਦੀ ਰੱਖਿਆ ਹੋ ਸਕੇ। ਜੀਕੇ ਨੇ ਸਿੱਖਾਂ ਵੱਲੋਂ ਦੇਸ਼ ਲਈ ਕੀਤੇ ਕਾਰਜਾਂ ਦਾ ਹਵਾਲਾ ਦਿੰਦਿਆਂ ਹਰਿਤ ਕ੍ਰਾਂਤੀ, ਸਰਹੱਦੀ ਸੁਰੱਖਿਆ, ਸੰਕਟਾਂ 'ਚ ਨਿਸ਼ਕਾਮ ਸੇਵਾ ਅਤੇ ਮੁਲਕ ਦੀ ਤਰੱਕੀ ਲਈ ਕੀਤੇ ਕਾਰਜਾਂ ਦਾ ਚੇਤਾ ਕਰਾਇਆ। ਨਾਲ ਹੀ 1984 ਸਿੱਖ ਕਤਲੇਆਮ ਨੂੰ ਦੇਸ਼ ਵੱਲੋਂ ਦੰਗੇ ਦੱਸਣ ਦੀ ਗੁਸਤਾਖੀ ਦਾ ਬੁਰਾ ਮਨਾਉਂਦੇ ਹੋਏ ਜੀਕੇ ਨੇ ਮਾਈਨੋਰਿਟੀ ਭਾਈਚਾਰਿਆਂ ਦੇ ਸਭਿਆਚਾਰ, ਭਾਸ਼ਾ ਤੇ ਨਸਲੀ ਪਛਾਣ ਲਈ ਹੋਰ ਵਧੇਰੇ ਕਾਰਜ਼ ਕਰਨ ਦਾ ਸਰਕਾਰ ਨੂੰ ਸੱਦਾ ਦਿੱਤਾ।




ਆਵਾਜ਼ਿ ਕੌਮ AWAZE QAUM International Newspaper & WEB TV

## ਵੱਡੀ ਬੇਅਦਬੀ : ਗੁਰੂਬਾਣੀ ਦੇ ਲਾਈਵ ਚਲਦੇ ਕੀਰਤਨ ਪ੍ਰੋਗਰਾਮ ਵਿੱਚ

# ਦਿਖਾਏ ਜਾ ਰਹੇ ਹਨ ਨਸ਼ਿਆਂ ਦੇ ਐਡ, ਕੌਮ ਲਈ ਖ਼ਤਰੇ ਦੀ ਘੰਟੀ

ਨਵੀਂ ਦਿੱਲੀ 19 ਮਈ (ਮਨਪ੍ਰੀਤ ਸਿੰਘ ਖਾਲਸਾ):- ਅੱਜ ਦਾ ਸਮਾਂ ਟੈਕਨੋਲੋਜੀ ਦਾ ਸਮਾਂ ਹੈ। ਗੁਰਬਾਣੀ ਦੀ ਅਵਾਜ਼ ਹੁਣ ਸਿਰਫ਼ ਗੁਰਦੁਆਰਿਆਂ ਦੀਆਂ ਚਾਰ ਦੀਵਾਰੀਆਂ ਤੱਕ ਸੀਮਿਤ ਨਹੀਂ ਰਹੀ, ਸਗੋਂ ਦੁਨੀਆ ਦੇ ਹਰ ਕੋਨੇ ਤੱਕ ਲਾਈਵ ਟੈਲੀਕਾਸਟ ਰਾਹੀਂ ਪਹੁੰਚ ਰਹੀ ਹੈ। ਇਹ ਇਕ ਵੱਡੀ ਸੇਵਾ ਹੈ, ਪਰ ਦੁੱਖ ਦੀ ਗੱਲ ਇਹ ਹੈ ਕਿ ਇਸ ਪਵਿੱਤਰ ਸੇਵਾ ਨੂੰ ਕਈ ਲੋਕਾਂ ਨੇ ਕਮਾਈ ਦਾ ਜ਼ਰੀਆ ਬਣਾ ਦਿੱਤਾ ਹੈ। ਅੱਜ ਲਾਈਵ ਚਲਦੇ ਕੀਰਤਨ, ਕਥਾ ਅਤੇ ਗੁਰਬਾਣੀ ਦੇ ਪ੍ਰਸਾਰਣ ਦੌਰਾਨ ਨਸ਼ਿਆਂ, ਜੂਏ, ਸੱਟੇਬਾਜ਼ੀ, ਫ਼ਜ਼ੂਲ ਮਨੋਰੰਜਨ ਅਤੇ ਹੋਰ ਕਈ ਤਰ੍ਹਾਂ ਦੇ ਭੜਕਾਊ ਇਸ਼ਤਿਹਾਰ ਦਿਖਾਏ ਜਾ ਰਹੇ ਹਨ। ਇਹ ਸਿਰਫ਼ ਅਣਗਹਿਲੀ ਨਹੀਂ, ਸਗੋਂ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਖੁੱਲ੍ਹੀ ਬੇਅਦਬੀ ਹੈ। ਜਦੋਂ ਇੱਕ ਪਾਸੇ ਰਾਗੀ ਸਿੰਘ "ਅੰਮ੍ਰਿਤ ਨਾਮੁ ਨਿਧਾਨੁ ਹੈ" ਦਾ ਕੀਰਤਨ ਕਰ ਰਹੇ ਹੁੰਦੇ ਹਨ ਤੇ ਦੂਜੇ ਪਾਸੇ ਸਕਰੀਨ ਉੱਤੇ ਨਸ਼ਿਆਂ ਜਾਂ ਸੱਟੇਬਾਜ਼ੀ ਦੇ ਐਡ ਚਮਕ ਰਹੇ ਹੁੰਦੇ ਹਨ, ਤਾਂ ਇਹ ਸਿਰਫ਼ ਸ਼ਰਮਨਾਕ ਹੀ ਨਹੀਂ, ਸਿੱਖ ਕੌਮ ਦੀ ਆਤਮਿਕ ਮਰਿਆਦਾ ਉੱਤੇ ਵੱਡਾ ਘਾਟਾ ਹੈ। ਗੁਰੂ ਘਰ ਦੀ ਬਾਣੀ ਮਨੁੱਖਤਾ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸੱਚੇ ਜੀਵਨ ਦਾ ਰਾਹ ਦਿਖਾਉਂਦੀ ਹੈ, ਪਰ ਅੱਜ ਉਸੇ ਬਾਣੀ ਦੇ ਨਾਲ ਨਸ਼ਿਆਂ ਦੀ ਪ੍ਰਚਾਰਬਾਜ਼ੀ ਹੋ ਰਹੀ ਹੈ। ਇਹ ਦੋਹਰਾ ਚਿਹਰਾ ਕਿਉਂ.? ਸਭ ਤੋਂ ਵੱਡਾ ਸਵਾਲ ਉਹਨਾਂ ਗੁਰਦੁਆਰਾ ਪ੍ਰਬੰਧਕਾਂ ਨੂੰ ਪੁੱਛਣਾ ਚਾਹੀਦਾ ਹੈ ਜੋ ਇਹ ਕਹਿ ਕੇ ਆਪਣੀ ਜ਼ਿੰਮੇਵਾਰੀ ਤੋਂ ਬਚ ਜਾਂਦੇ ਹਨ ਕਿ "ਐਡ ਤਾਂ ਯੂਟਿਊਬ ਆਪ ਲਗਾਉਂਦਾ ਹੈ।" ਜੇ ਤੁਹਾਨੂੰ ਪਤਾ ਹੈ ਕਿ ਤੁਹਾਡੀ ਲਾਈਵ ਟੈਲੀਕਾਸਟ ਰਾਹੀਂ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਗਲਤ ਚੀਜ਼ਾਂ ਦਾ ਪ੍ਰਚਾਰ ਹੋ ਰਿਹਾ ਹੈ, ਤਾਂ ਫਿਰ ਤੁਸੀਂ ਉਹ ਮਾਧਿਅਮ ਕਿਉਂ ਵਰਤ ਰਹੇ ਹੋ.? ਕੀ ਕਮਾਈ ਅਤੇ ਵਿਊਜ਼ ਗੁਰੂ ਮਰਿਆਦਾ ਤੋਂ ਵੱਡੇ ਹੋ ਗਏ ਹਨ.? ਅੱਜ ਲੋੜ ਹੈ ਕਿ ਪੰਥਕ ਪੱਧਰ 'ਤੇ ਇਸ ਮਸਲੇ ਉੱਤੇ ਸਖ਼ਤ ਨੀਤੀ ਬਣੇ। ਜਿਹੜੇ ਵੀ ਚੈਨਲ ਜਾਂ ਵਿਅਕਤੀ ਗੁਰਬਾਣੀ ਦੇ ਲਾਈਵ ਪ੍ਰਸਾਰਣ ਦੌਰਾਨ ਅਜਿਹੇ ਇਸ਼ਤਿਹਾਰ ਚਲਾਉਂਦੇ ਹਨ, ਉਨ੍ਹਾਂ ਉੱਤੇ ਸ਼ਿਕੰਜਾ ਕੱਸਿਆ ਜਾਵੇ। ਰਾਗੀ ਸਿੰਘ, ਕਥਾਵਾਚਕ ਅਤੇ ਪ੍ਰਬੰਧਕ ਇਹ ਯਕੀਨੀ ਬਣਾਉਣ ਕਿ ਗੁਰੂ ਘਰ ਦੀ ਪਵਿੱਤਰਤਾ ਨਾਲ ਕੋਈ ਸਮਝੌਤਾ ਨਾ ਹੋਵੇ। ਜੇ ਲੋੜ ਪਵੇ ਤਾਂ ਐਡ-ਫ੍ਰੀ ਪ੍ਰਸਾਰਣ ਦੇ ਹੋਰ ਪ੍ਰਬੰਧ ਕੀਤੇ ਜਾਣ, ਪਰ ਗੁਰੂ ਸਾਹਿਬ ਦੀ ਬੇਅਦਬੀ ਕਦੇ ਵੀ ਬਰਦਾਸ਼ਤ ਨਾ ਕੀਤੀ ਜਾਵੇ। ਸਿੱਖ ਕੌਮ ਨੇ ਗੁਰੂ ਗ੍ਰੰਥ ਸਾਹਿਬ ਦੀ ਸਤਿਕਾਰ ਲਈ ਸ਼ਹਾਦਤਾਂ ਦਿੱਤੀਆਂ ਹਨ। ਅੱਜ ਜੇ ਅਸੀਂ ਕੁਝ ਪੈਸਿਆਂ ਅਤੇ ਆਨਲਾਈਨ ਕਮਾਈ ਲਈ ਗੁਰਬਾਣੀ ਦੇ ਨਾਲ ਨਸ਼ਿਆਂ ਦੇ ਐਡ ਚਲਣ ਦਿੰਦੇ ਹਾਂ, ਤਾਂ ਇਹ ਸਾਡੀ ਕੌਮੀ ਸੋਚ ਉੱਤੇ ਸਭ ਤੋਂ ਵੱਡਾ ਪ੍ਰਸ਼ਨ ਚਿੰਨ੍ਹ ਹੈ। ਜਾਗਣ ਦਾ ਸਮਾਂ ਹੈ। ਨਹੀਂ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਕਦੇ ਮਾਫ਼ ਨਹੀਂ ਕਰਨਗੀਆਂ।

**ਗੁਰਬਾਣੀ ਦੇ ਪ੍ਰਸਾਰਣ ਦੌਰਾਨ ਗੰਧਲੇ ਇਸ਼ਤਿਹਾਰ ਚਲਾਉਂਣ ਵਾਲੇ ਚੈਨਲਾਂ ਉਪਰ ਕਸਿਆ ਜਾਏ ਸ਼ਿਕੰਜਾ**




# ਵਾਰਡ ਨੰਬਰ 16 ਤੋਂ ਭਾਜਪਾ ਉਮੀਦਵਾਰ ਮੋਹਿਤ ਢੱਲ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ, ਵੱਡੀ ਲੀਡ ਨਾਲ ਜਿੱਤਣ ਦੇ ਦਾਅਵੇ



ਫ਼ਿਰੋਜ਼ਪੁਰ, 19 ਮਈ (ਮਨੋਹਰ ਲਾਲ) :— ਫਿਰੋਜ਼ਪੁਰ ਸ਼ਹਿਰ ਵਿੱਚ ਨਗਰ ਕੌਂਸਲ ਚੋਣਾਂ ਦਾ ਮਾਹੌਲ ਪੂਰੀ ਤਰ੍ਹਾਂ ਭੱਖ ਚੁੱਕਾ ਹੈ ਅਤੇ ਸਿਆਸੀ ਸਰਗਰਮੀਆਂ ਸਿਖਰਾਂ ਤੇ ਪਹੁੰਚ ਗਈਆਂ ਹਨ। ਚੋਣ ਮੈਦਾਨ ਵਿੱਚ ਉਤਰਿਆ ਹਰ ਕੋਈ ਕੈਂਡੀਡੇਟ ਆਪਣੇ—ਆਪਣੇ ਪੱਧਰ ਤੇ ਵਾਰਡਾਂ ਵਿੱਚ ਦਿਨ—ਰਾਤ ਪ੍ਰਚਾਰ ਕਰਨ ਵਿੱਚ ਜੁਟਿਆ ਹੋਇਆ ਹੈ। ਇਸੇ ਦੌਰਾਨ ਵਾਰਡ ਨੰਬਰ 16 ਤੋਂ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਉਮੀਦਵਾਰ ਮੋਹਿਤ ਢੱਲ ਦੀ ਚੋਣ ਮੁਹਿੰਮ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ ਜਦੋਂ ਇਲਾਕਾ ਨਿਵਾਸੀਆਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੇ ਉਨ੍ਹਾਂ ਦੀ ਜਿੱਤ ਦਾ ਪੂਰਾ ਭਰੋਸਾ ਜਤਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਬੰਧੀ ਵਿਸ਼ੇਸ਼ ਜਾਣਕਾਰੀ ਦਿੰਦਿਆਂ ਵਿਸ਼ਵ ਭਾਈ ਮਰਦਾਨਾ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਦਾਅਵਾ ਕੀਤਾ ਕਿ ਮੋਹਿਤ ਢੱਲ ਆਪਣੇ ਵਾਰਡ ਵਿੱਚ ਬਹੁਤ ਹੀ ਮਿਹਨਤ, ਇਮਾਨਦਾਰੀ ਅਤੇ ਲਗਨ ਨਾਲ ਪ੍ਰਚਾਰ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਅੰਦਰੂਨ ਬਗਦਾਦੀ ਗੇਟ, ਜ਼ੀਰਾ ਗੇਟ ਅਤੇ ਬਗਦਾਦੀ ਗੇਟ ਬਾਹਰ ਵਰਗੇ ਪ੍ਰਮੁੱਖ ਇਲਾਕੇ ਵਾਰਡ ਨੰਬਰ 16 ਦੇ ਅਧੀਨ ਆਉਂਦੇ ਹਨ। ਇਨ੍ਹਾਂ ਇਲਾਕਿਆਂ ਵਿੱਚ ਮੋਹਿਤ ਢੱਲ ਵੱਲੋਂ ਲਗਾਤਾਰ ਜਨਸੰਪਰਕ ਮੁਹਿੰਮ ਚਲਾਈ ਜਾ ਰਹੀ ਹੈ, ਜਿੱਥੇ ਉਨ੍ਹਾਂ ਨੂੰ ਲੋਕਾਂ ਦਾ ਭਰਪੂਰ ਪਿਆਰ ਅਤੇ ਸਮਰਥਨ ਮਿਲ ਰਿਹਾ ਹੈ। ਇਲਾਕੇ ਦੀ ਸਥਿਤੀ ਨੂੰ ਦੇਖਦਿਆਂ ਇਹ ਸਾਫ਼ ਨਜ਼ਰ ਆ ਰਿਹਾ ਹੈ ਕਿ ਮੋਹਿਤ ਢੱਲ ਬਹੁਤ ਵੱਡੀ ਲੀਡ ਨਾਲ ਇਸ ਵਾਰਡ ਤੋਂ ਜਿੱਤ ਦਰਜ ਕਰਨਗੇ। ਪ੍ਰਚਾਰ ਦੌਰਾਨ ਮੋਹਿਤ ਢੱਲ ਖੁਦ ਘਰ—ਘਰ ਜਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਅਤੇ ਸਥਾਨਕ ਸਮੱਸਿਆਵਾਂ ਨੂੰ ਬਹੁਤ ਗੰਭੀਰਤਾ ਨਾਲ ਸੁਣ ਰਹੇ ਹਨ। ਉਨ੍ਹਾਂ ਵਾਰਡ ਵਾਸੀਆਂ ਨਾਲ ਵਾਅਦਾ ਕੀਤਾ ਕਿ ਜੇਕਰ ਜਨਤਾ ਨੇ ਉਨ੍ਹਾਂ ਤੇ ਭਰੋਸਾ ਜਤਾਉਂਦਿਆਂ ਉਨ੍ਹਾਂ ਨੂੰ ਐਮ.ਸੀ. (ਕੌਂਸਲਰ) ਬਣਾਇਆ, ਤਾਂ ਉਹ ਚੋਣਾਂ ਦੌਰਾਨ ਕੀਤੇ ਗਏ ਆਪਣੇ ਸਾਰੇ ਵਾਅਦਿਆਂ ਨੂੰ ਪਹਿਲ ਦੇ ਆਧਾਰ ਤੇ ਪੂਰਾ ਕਰਨਗੇ। ਉਨ੍ਹਾਂ ਕਿਹਾ ਕਿ ਵਾਰਡ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਅਤੇ ਹਰ ਵਰਗ ਦੇ ਹਿੱਤਾਂ ਦੀ ਰਾਖੀ ਕੀਤੀ ਜਾਵੇਗੀ।ਇਸ ਮੌਕੇ ਸ਼੍ਰੀ ਮੋਹਿਤ ਢੱਲ ਨੇ ਵਿਸ਼ੇਸ਼ ਤੌਰ ਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਇਸ ਦੌਰੇ ਦੌਰਾਨ ਸਾਬਕਾ ਐਮ.ਪੀ ਪਰਮਿੰਦਰ ਸਿੰਘ ਪਿੰਟੂ ਵੀ ਹਾਜ਼ਰ ਸਨ। ਇਸ ਮੌਕੇ ਸੌਰਵ ਢੱਲ, ਰੰਜਨ ਢੱਲ, ਨਰਿੰਦਰ ਬਿੱਟੂ ਬਲਦੇਵ ਸਿੰਘ, ਜਗਦੀਪ ਸਿੰਘ ਸੱਗੂ, ਸੰਜੀਵ ਕੁਮਾਰ, ਕਟਾਰੀਆ ਸਾਹਿਬ, ਤਰੁਣ ਪਾਇਲਟ, ਹੇਮਤ ਢੱਲ, ਡਾਕਟਰ ਸੀ.ਵੀ ਡਾਲ, ਰਮੇਸ਼ ਢੱਲ, ਰੰਜਨ ਢੱਲ, ਡਾਕਟਰ ਸੌਰਭ ਢੱਲ, ਸਤਪਾਲ ਢੱਲ, ਕ੍ਰਿਸ਼ਨ ਢੱਲ ਆਦਿ ਹਾਜ਼ਰ ਸਨ।

# ਯੂਏਪੀਏ ਕੇਸ ਵਿੱਚ ਚਰਨਜੀਤ ਸਿੰਘ ਪਟਿਆਲਵੀ ਬਰੀ




**ਲੁਧਿਆਣਾ, 19 ਮਈ (ਆਵਾਜ਼ਿ ਕੌਮ ਬਿਊਰੋ)**—ਲੁਧਿਆਣਾ ਦੀ ਸਪੈਸ਼ਲ ਯੂਏਪੀਏ ਅਦਾਲਤ ਦੀ ਜੱਜ ਮੈਡਮ ਸਰੂ ਮਹਿਤਾ ਕੌਸ਼ਿਕ ਨੇ ਠਾਣਾ ਮਾਛੀਵਾੜਾ ਵਿੱਚ 23 ਜੁਲਾਈ 2010 ਨੂੰ ਦਰਜ ਐਫਆਈਆਰ ਨੰਬਰ 154 ਸਬੰਧੀ ਅਹਿਮ ਫ਼ੈਸਲਾ ਸੁਣਾਉਂਦੇ ਹੋਏ ਚਰਨਜੀਤ ਸਿੰਘ ਉਰਫ਼ ਪਟਿਆਲਵੀ ਵਾਸੀ ਪਿੰਡ ਬੂਟਾ ਸਿੰਘ ਵਾਲਾ, ਜ਼ਿਲ੍ਹਾ ਐਸ.ਏ.ਐਸ ਨਗਰ (ਮੋਹਾਲੀ) ਨੂੰ ਬਰੀ ਕਰ ਦਿੱਤਾ ਹੈ। ਇਹ ਕੇਸ ਬਾਰੂਦ ਐਕਟ ਦੀਆਂ ਧਾਰਾਵਾਂ 4 ਅਤੇ 5 ਅਤੇ ਯੂਏਪੀਏ ਦੀਆਂ ਧਾਰਾਵਾਂ 17, 18 ਅਤੇ 20 ਤਹਿਤ ਦਰਜ ਕੀਤਾ ਗਿਆ ਸੀ। ਜ਼ਿਕਰਯੋਗ ਹੈ ਕਿ ਇਸੇ ਮਾਮਲੇ ਵਿੱਚ ਗੁਰਮੇਲ ਸਿੰਘ ਬੋਬਾ ਵਾਸੀ ਬੂਟਾ ਸਿੰਘ ਵਾਲਾ ਨੂੰ 7 ਮਾਰਚ 2012 ਨੂੰ ਵਧੀਕ ਸੈਸ਼ਨਜ਼ ਜੱਜ ਸ੍ਰੀ ਮੁਹੰਮਦ ਗੁਲਜ਼ਾਰ ਵੱਲੋਂ ਬਾਰੂਦ ਐਕਟ ਤਹਿਤ 10 ਸਾਲ ਦੀ ਸਜ਼ਾ ਸੁਣਾਈ ਗਈ ਸੀ, ਜਦਕਿ ਚਰਨਜੀਤ ਸਿੰਘ ਨੂੰ ਉਸ ਸਮੇਂ ਭਗੌੜਾ ਕਰਾਰ ਦਿੱਤਾ ਗਿਆ ਸੀ। ਚਰਨਜੀਤ ਸਿੰਘ ਨੂੰ ਇਸ ਕੇਸ ਵਿੱਚ ਹਾਈ ਕੋਰਟ ਵੱਲੋਂ ਵੀ ਜ਼ਮਾਨਤ ਨਹੀਂ ਦਿੱਤੀ ਗਈ ਸੀ ਅਤੇ ਕੇਸ ਦਾ ਜਲਦ ਨਿਪਟਾਰਾ ਕਰਨ ਦੇ ਹੁਕਮ ਜਾਰੀ ਕੀਤੇ ਗਏ ਸਨ। ਬਾਅਦ ਵਿੱਚ ਉਸ ਨੂੰ 24 ਅਪ੍ਰੈਲ 2022 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਮਾਮਲੇ ਦੀ ਪੈਰਵਾਈ ਐਡਵੋਕੇਟ ਜਸਪਾਲ ਸਿੰਘ ਮੰਝਪੁਰ, ਐਡਵੋਕੇਟ ਆਨੰਦ ਕੁਮਾਰ, ਐਡਵੋਕੇਟ ਮਨਜੋਤ ਸਿੰਘ ਦਿਓਲ ਅਤੇ ਐਡਵੋਕੇਟ ਅਰਸ਼ਜੋਤ ਸਿੰਘ ਵੱਲੋਂ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵੈਨਕੂਵਰ 'ਚ ਕੈਨੇਡੀਅਨ ਸਿੱਖਾਂ ਵਲੋਂ ਭਾਰਤੀ ਕੌਂਸਲੇਟ ਦਾ ਘਿਰਾਓ

# ਨਿੱਝਰ ਮਾਮਲੇ 'ਚ ਕੈਨੇਡਾ ਸਰਕਾਰ 'ਤੇ ਵੀ ਉਠਾਏ ਗਏ ਤਿੱਖੇ ਸਵਾਲ




**ਨਵੀਂ ਦਿੱਲੀ, 19 ਮਈ (ਮਨਪ੍ਰੀਤ ਸਿੰਘ ਖਾਲਸਾ)**:- ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਸ਼ਹੀਦੀ ਦਿਵਸ ਨੂੰ ਤਿੰਨ ਸਾਲ ਪੂਰੇ ਹੋਣ ਤੋਂ ਪਹਿਲਾਂ ਵੈਨਕੂਵਰ ਵਿੱਚ ਖਾਲਿਸਤਾਨ ਰੈਫਰੈਂਡਮ ਸਮਰਥਕਾਂ ਵੱਲੋਂ ਭਾਰਤੀ ਕੌਂਸਲੇਟ ਦਾ ਘਿਰਾਓ ਕਰਦੇ ਹੋਏ ਵੱਡਾ ਅਤੇ ਤਿੱਖਾ ਪ੍ਰਦਰਸ਼ਨ ਕੀਤਾ ਗਿਆ।"ਖਾਲਿਸਤਾਨ ਜ਼ਿੰਦਾਬਾਦ" ਅਤੇ "ਨਿੱਝਰ ਨੂੰ ਇਨਸਾਫ਼ ਦਿਓ" ਦੇ ਗੂੰਜਦੇ ਨਾਅਰਿਆਂ ਨਾਲ ਪੂਰਾ ਇਲਾਕਾ ਗੂੰਜ ਉੱਠਿਆ। ਭਾਈ ਰੰਧਾਵਾ ਜੋ ਕਿ ਖੁਦ ਨਿਸ਼ਾਨੇਵਤੇ ਹਨ, ਨੇ ਦੋਸ਼ ਲਗਾਇਆ ਕਿ ਭਾਰਤ ਸਰਕਾਰ ਵਿਦੇਸ਼ਾਂ ਵਿੱਚ ਰਹਿੰਦੇ ਖਾਲਿਸਤਾਨ ਸਮਰਥਕ ਸਿੱਖਾਂ ਖ਼ਿਲਾਫ਼ ਟ੍ਰਾਂਸਨੈਸ਼ਨਲ ਦਬਾਅ, ਧਮਕੀਆਂ ਅਤੇ ਡਰ ਦਾ ਮਾਹੌਲ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਪ੍ਰਦਰਸ਼ਨਕਾਰੀਆਂ ਨੇ ਸਵਾਲ ਕੀਤਾ ਕਿ ਜੇਕਰ ਕੈਨੇਡਾ ਸਰਕਾਰ ਕੋਲ ਨਿੱਝਰ ਕਤਲ ਮਾਮਲੇ ਨਾਲ ਜੁੜੇ ਸਬੂਤ ਹਨ ਤਾਂ ਫਿਰ ਮੁੱਖ ਦੋਸ਼ੀਆਂ ਖ਼ਿਲਾਫ਼ ਸਖ਼ਤ ਅਤੇ ਤੇਜ਼ ਕਾਰਵਾਈ ਕਿਉਂ ਨਹੀਂ ਹੋ ਰਹੀ ? ਓਥੇ ਮੌਜੂਦ ਕਾਰਕੁਨਾਂ ਨੇ ਪੁੱਛਿਆ ਕੀ ਵਿਦੇਸ਼ਾਂ ਵਿੱਚ ਰਹਿੰਦੇ ਸਿੱਖਾਂ ਦੀ ਸੁਰੱਖਿਆ ਸਿਰਫ਼ ਬਿਆਨਾਂ ਤੱਕ ਸੀਮਿਤ ਰਹੇਗੀ.? ਨਿੱਝਰ ਕਤਲ ਮਾਮਲੇ ਦੀ ਪੂਰੀ ਸੱਚਾਈ ਦੁਨੀਆ ਸਾਹਮਣੇ ਕਦੋਂ ਆਵੇਗੀ.? ਕੀ ਕੈਨੇਡਾ ਸਰਕਾਰ ਵਿਦੇਸ਼ੀ ਦਖ਼ਲਅੰਦਾਜ਼ੀ ਖ਼ਿਲਾਫ਼ ਹੋਰ ਸਖ਼ਤ ਕਦਮ ਚੁੱਕੇਗੀ.? ਜੇਕਰ ਦੋਸ਼ ਗੰਭੀਰ ਹਨ ਤਾਂ ਅਜੇ ਤੱਕ ਪੂਰੀ ਜ਼ਿੰਮੇਵਾਰੀ ਕਿਉਂ ਤੈਅ ਨਹੀਂ ਹੋਈ.? ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਸਿੱਖ ਕੌਮ ਲਈ ਇੱਕ ਵੱਡੀ ਪ੍ਰੇਰਣਾ ਬਣ ਚੁੱਕੀ ਹੈ ਅਤੇ ਖਾਲਿਸਤਾਨ ਰੈਫਰੈਂਡਮ ਦੀ ਲਹਿਰ ਹੁਣ ਦੁਨੀਆ ਭਰ ਵਿੱਚ ਹੋਰ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਕਿਹਾ "ਸਿੱਖ ਕੌਮ ਨਾ ਡਰੀ ਹੈ ਤੇ ਨਾ ਹੀ ਆਪਣੀ ਆਵਾਜ਼ ਦਬਣ ਦੇਵੇਗੀ। ਨਿੱਝਰ ਦੀ ਸ਼ਹਾਦਤ ਦਾ ਇਨਸਾਫ਼ ਲੈ ਕੇ ਰਹਾਂਗੇ।" ਪ੍ਰਦਰਸ਼ਨ ਦੌਰਾਨ ਕੈਨੇਡਾ ਸਰਕਾਰ ਤੋਂ ਮੰਗ ਕੀਤੀ ਗਈ ਕਿ ਨਿੱਝਰ ਕਤਲ ਮਾਮਲੇ ਦੇ ਸਾਰੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਕਾਨੂੰਨ ਦੇ ਘੇਰੇ ਵਿੱਚ ਲਿਆਂਦਾ ਜਾਵੇ ਅਤੇ ਵਿਦੇਸ਼ਾਂ ਵਿੱਚ ਸਿੱਖ ਕਾਰਕੁਨਾਂ ਖ਼ਿਲਾਫ਼ ਹੋ ਰਹੇ ਦਬਾਅ ਨੂੰ ਰੋਕਣ ਲਈ ਪੱਕੀ ਨੀਤੀ ਬਣਾਈ ਜਾਵੇ। ਇਸ ਮੌਕੇ ਭਾਈ ਰੰਧਾਵਾ ਨੇ ਦਸਿਆ ਕਿ ਖਾਲਿਸਤਾਨ ਰੈਫਰੈਂਡਮ ਦੀਆਂ ਅਗਲੀਆਂ ਵੋਟਾਂ 16 ਅਗਸਤ 2026 ਨੂੰ ਇੰਡੀਆਨਾ (ਅਮਰੀਕਾ) ਅਤੇ 18 ਅਕਤੂਬਰ 2026 ਨੂੰ ਐਡਮਿੰਟਨ (ਕੈਨੇਡਾ) ਵਿੱਚ ਹੋਣਗੀਆਂ। ਉਨ੍ਹਾਂ ਦੱਸਿਆ ਕਿ ਇਸ ਸਬੰਧੀ 16 ਮਈ ਨੂੰ ਐਡਮਿੰਟਨ ਵਿੱਚ ਇੱਕ ਵਿਸ਼ਾਲ ਰੈਲੀ ਵੀ ਕੀਤੀ ਗਈ ਸੀ। ਇਸ ਵੱਡੇ ਇਕੱਠ ਵਿੱਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮਨਜਿੰਦਰ ਸਿੰਘ ਖਾਲਸਾ, ਭਾਈ ਰਜਿੰਦਰ ਸਿੰਘ ਨੱਤ, ਭਾਈ ਜੈਗ ਸਿੱਧੂ, ਭਾਈ ਚਰਨਜੀਤ ਸਿੰਘ, ਭਾਈ ਦਲਜੀਤ ਸਿੰਘ ਅਤੇ ਹੋਰ ਕਈ ਸਿੱਖ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਹਾਜਿਰ ਸਨ ।

> "ਜੇ ਕਾਤਲ ਬੇਨਕਾਬ ਹਨ ਤਾਂ ਗ੍ਰਿਫ਼ਤਾਰੀਆਂ ਕਿਉਂ ਨਹੀਂ ?" — ਵੈਨਕੂਵਰ ਪ੍ਰਦਰਸ਼ਨ 'ਚ ਗੂੰਜੇ ਸਵਾਲ

ਆਵਾਜ਼ਿ ਕੌਮ AWAZE QAUM International Newspaper & WEB TV

### ਸਰਪੰਚ ਗੁਰਮੀਤ ਕੌਰ ਵੱਲੋਂ

# ਚਾਲੀ ਸਾਲ ਪੁਰਾਣਾ ਪੰਚਾਇਤੀ ਜ਼ਮੀਨ ਦਾ ਛੁਡਾਇਆ ਕਬਜ਼ਾ



ਜੰਡਿਆਲਾ ਗੁਰੂ 19 ਮਈ ( ਕੁਲਵੰਤ ਸਿੰਘ ਵਿਰਦੀ) ਪੰਚਾਇਤੀ ਜ਼ਮੀਨ ਤੇ ਨਾਜਾਇਜ਼ ਕਬਜ਼ਾ ਧਾਰਕਾਂ ਤੋਂ ਸਰਕਾਰ ਦੀ ਕਬਜ਼ਾ ਛਡਾਉਣ ਦੀ ਨੀਤੀ ਨੂੰ ਉਸ ਵੇਲੇ ਬਲ ਮਿਲਿਆ ਜਦੋਂ ਪਿੰਡ ਜੋਧਾਨਗਰੀ ਦੀ ਗ੍ਰਾਮ ਪੰਚਾਇਤ ਅਤੇ ਇਕਬਾਲ ਸਿੰਘ ਦੇ ਵਿਸ਼ੇਸ਼ ਯਤਨ ਤੇ ਮੋਹਤਬਰਾਂ ਨੇ ਨਿਸ਼ਾਨਦੇਹੀ ਕਰਾ ਕੇ ਲੱਗਭੱਗ ਪੰਜ ਤੋਂ ਛੇ ਕਨਾਲ਼ ਨਾਜਾਇਜ਼ ਵਗ ਰਹੀ ਪੰਚਾਇਤੀ ਜ਼ਮੀਨ ਪਿੰਡ ਦੇ ਹਵਾਲੇ ਕਰਨ ਤੇ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਸਰਪੰਚ ਗੁਰਮੀਤ ਕੌਰ ਅਤੇ ਇਕਬਾਲ ਸਿੰਘ ਨੇ ਦੱਸਿਆ ਕਿ ਨਗਰ ਵਾਸੀਆਂ ਅਤੇ ਬੋਲੀ ਧਾਰਕ ਕਿਸਾਨਾਂ ਦੀ ਚਿਰੋਕਣੀ ਮੰਗ ਸੀ ।ਕਿ ਬੀਡੀਪੀਓ ਦਫ਼ਤਰ ਵੱਲੋਂ ਬੋਲੀ ਕੀਤੇ ਜਾਂਦੇ ਟੋਟਲ ਜ਼ਮੀਨ ਦੇ ਰਕਬੇ ਤੋਂ ਕਾਫੀ ਘੱਟ ਰਕਬਾ ਵਾਹੀ ਅਧੀਨ ਵਗਦਾ ਆ ਰਿਹਾ ਹੈ ।ਜੋ ਕਿ ਪਿਛਲੀਆਂ ਪੰਚਾਇਤਾਂ ਵੱਲੋਂ ਅਣਗੌਲਿਆ ਜਾਂਦਾ ਰਿਹਾ ਉਸ ਨੂੰ ਛਡਾਇਆ ਜਾਵੇ ।ਜਿਸ ਕਾਰਨ ਬੋਲੀ ਧਾਰਕ ਅਸਲ ਕਬਜੇ ਦੇ ਹਿਸਾਬ ਨਾਲ ਘੱਟ ਬੋਲੀ ਦਿੰਦੇ ਸਨ ।ਜਿਸ ਨਾਲ ਪਿੰਡ ਨੂੰ ਘਾਟੇ ਦੇ ਨਾਲ ਸਰਕਾਰੀ ਮਾਪਦੰਡਾਂ ਦੇ ਅਨੁਕੂਲ ਨਾ ਹੋਣ ਕਾਰਨ ਦੋ ਤਿੰਨ ਵਾਰ ਬੋਲੀ ਕੈਂਸਲ ਕਰਕੇ ਦੁਬਾਰਾ ਬੋਲੀ ਕਰਨ ਵਿਚ ਟਾਈਮ ਅਤੇ ਪੈਸਾ ਜਾਇਆ ਜਾਂਦਾ ਸੀ। ਅਤੇ ਕਈ ਵਾਰੀ ਫਸਲਾਂ ਲੇਟ ਹੋ ਜਾਂਦੀਆਂ ਸਨ। ਅਤੇ ਪੰਚਾਇਤ ਅਤੇ ਮਹਿਕਮੇ ਨੂੰ ਘਾਟਾ ਪੈਦਾ ਸੀ। ਹੁਣ ਪੰਚਾਇਤ ਵੱਲੋਂ ਦਿੱਤੀ ਦਰਖਾਸਤ ਤੇ ਮਾਲ ਮਹਿਕਮੇ ਦੇ ਅਧਿਕਾਰੀਆਂ ਵਲੋ ਤਿੰਨ ਕਰਮ ਦੇ ਰਸਤੇ ਅਤੇ ਬਾਕੀ ਨਾਜਾਇਜ਼ ਵਗਦੀ ਜ਼ਮੀਨ ਦੀ ਨਿਸ਼ਾਨਦੇਹੀ ਕਰਾ ਕੇ ਬੁਰਜੀਆਂ ਗੱਡਕੇ ਜ਼ਮੀਨ ਨਗਰ ਦੇ ਹਵਾਲੇ ਕੀਤੀ ਗਈ ।ਲੋਕਾਂ ਨੇ ਸਰਪੰਚ ਅਤੇ ਗ੍ਰਾਮ ਪੰਚਾਇਤ ਦੇ ਇਸ ਫ਼ੈਸਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਬਚਿੱਤਰ ਸਿੰਘ, ਕਿਸਾਨ ਆਗੂ ਮੁਖਬੈਨ ਸਿੰਘ, ਪੰਚ ਰਵੇਲ ਸਿੰਘ, ਸਾ: ਪੰਚ ਤਰਲੋਚਨ ਸਿੰਘ, ਰਮਨਜੀਤ ਸਿੰਘ , ਰਤਨ ਸਿੰਘ , ਪ੍ਰੇਮ ਸਿੰਘ,ਆਦਿ ਹਾਜ਼ਰ ਸਨ।

# ਤਿੰਨ ਵਾਰਡਾਂ 'ਚ ਕਾਂਗਰਸੀ ਉਮੀਦਵਾਰਾਂ ਦੇ ਚੋਣ ਦਫਤਰਾਂ ਦੇ ਉਦਘਾਟਨ ਕਰ ਜੀਤਮਹਿੰਦਰ ਸਿੰਘ ਸਿੱਧੂ ਨੇ ਭਖਾਈ ਚੋਣ ਮੁਹਿੰਮ







**ਤਲਵੰਡੀ ਸਾਬੋ, 19 ਮਈ (ਗੁਰਜੰਟ ਸਿੰਘ ਨਥੇਹਾ)**- ਨਗਰ ਕੌਂਸਲ ਮੌੜ ਦੀਆਂ ਚੋਣਾਂ ਲਈ ਚੋਣ ਪ੍ਰਚਾਰ ਨੇ ਤੇਜ਼ੀ ਫੜ ਲਈ ਹੈ ਤੇ ਸਿਆਸੀ ਧਿਰਾਂ ਦੇ ਆਗੂਆਂ ਨੇ ਆਪੋ ਆਪਣੇ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਨੂੰ ਸਿਖਰਾਂ ਵੱਲ ਲੈ ਜਾਣਾ ਸ਼ੁਰੂ ਕਰ ਦਿੱਤਾ ਹੈ। ਇਸੇ ਲੜੀ 'ਚ ਨਗਰ ਕੌਂਸਲ ਮੌੜ ਦੇ ਤਿੰਨ ਵਾਰਡਾਂ 'ਚ ਅੱਜ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਉਮੀਦਵਾਰਾਂ ਦੇ ਚੋਣ ਦਫਤਰਾਂ ਦਾ ਰਸਮੀ ਉਦਘਾਟਨ ਕਰਦਿਆਂ ਉਨਾਂ ਦੀ ਚੋਣ ਮੁਹਿੰਮ ਭਖਾ ਦਿੱਤੀ ਹੈ। ਟੀਮ ਸਿੱਧੂ ਵੱਲੋਂ ਜਾਰੀ ਪ੍ਰੈੱਸ ਬਿਆਨ ਮੁਤਾਬਿਕ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਸ਼ਹਿਰ ਦੇ ਵਾਰਡ ਨੰ:3 ਤੋਂ ਕਾਂਗਰਸੀ ਉਮੀਦਵਾਰ ਸੁਖਜੀਤ ਕੌਰ, ਵਾਰਡ ਨੰ:5 ਤੋਂ ਸੁਰਜੀਤ ਕੌਰ ਅਤੇ ਵਾਰਡ ਨੰ:8 ਤੋਂ ਕਰਮਜੀਤ ਸਿੰਘ ਰਾਣਾ ਦੇ ਚੋਣ ਦਫਤਰਾਂ ਦਾ ਰੀਬਨ ਕੱਟ ਕੇ ਰਸਮੀ ਉਦਘਾਟਨ ਕੀਤਾ। ਉਨਾਂ ਇਸ ਮੌਕੇ ਜਨਤਕ ਇਕੱਠਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਪੰਜਾਬ ਦੇ ਬਾਕੀ ਹਿੱਸਿਆਂ ਵਾਂਗ ਮੌੜ 'ਚ ਵੀ ਕਾਂਗਰਸ ਦੇ ਹੱਕ 'ਚ ਹਵਾ ਚੱਲ ਰਹੀ ਹੈ ਕਿਉਂਕਿ ਨਗਰ ਦੇ ਲੋਕ ਇਹ ਭਲੀਭਾਂਤ ਜਾਣਦੇ ਹਨ ਕਿ ਕੇਵਲ ਅਤੇ ਕੇਵਲ ਕਾਂਗਰਸ ਪਾਰਟੀ ਹੀ ਵਿਕਾਸ ਦੀ ਹਾਮੀ ਹੈ ਤੇ ਜਿੱਤ ਕੇ ਨਗਰ ਕੌਂਸਲ ਦੇ ਸਮੁੱਚੇ ਵਾਰਡਾਂ ਦਾ ਉਹੀ ਸਰਵਪੱਖੀ ਵਿਕਾਸ ਕਰਵਾ ਸਕਦੀ ਹੈ। ਉਨਾਂ ਕਿਹਾ ਕਿ ਸੂਬੇ 'ਚ ਅਮਨ ਕਾਨੂੰਨ ਦੀ ਹਾਲਤ ਅਤਿ ਤਰਸਯੋਗ ਹਾਲਤ 'ਚ ਪਹੁੰਚ ਚੁੱਕੀ ਹੈ ਅਤੇ ਦੁਕਾਨਦਾਰ/ਵਪਾਰੀ ਜਾਂ ਹੋਰ ਵਰਗਾਂ ਦੇ ਲੋਕ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ਪਰ ਸੱਤਾਧਿਰ ਦੇ ਆਗੂਆਂ ਦਾ ਇਸ ਵੱਲ ਕੋਈ ਧਿਆਨ ਨਹੀ। ਸਿੱਧੂ ਮੁਤਾਬਿਕ ਲੋਕ ਇਸਦਾ ਜਵਾਬ ਸੱਤਾਧਿਰ ਨੂੰ ਚੋਣਾਂ 'ਚ ਦੇਣਗੇ ਅਤੇ ਕਾਂਗਰਸ ਪਾਰਟੀ ਸਮੁੱਚੇ ਸੂਬੇ 'ਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ। ਇਸ ਮੌਕੇ ਕਾਂਗਰਸ ਸ਼ਹਿਰੀ ਪ੍ਰਧਾਨ ਕੁਲਵੰਤ ਸਿੰਘ,ਰਾਜੇਸ਼ ਜੈਨ ਸਾਬਕਾ ਪ੍ਰਧਾਨ ਨਗਰ ਕੌਂਸਲ ਮੌੜ, ਵਿਜੈ ਕੁਮਾਰ ਸਾਬਕਾ ਉੱਪ ਚੇਅਰਮੈਨ ਮਾਰਕਿਟ ਕਮੇਟੀ, ਨਿੱਜੀ ਸਹਾਇਕ ਅਮਰਜੀਤ ਸਿੰਘ ਚੀਮਾ, ਸੁਖਮੰਦਰ ਸਿੰਘ ਜੋਧਪੁਰ, ਦਵਿੰਦਰ ਸਿੰਘ, ਸਿਮਰ ਮੌੜ ਕਲਾਂ, ਪਰਮਜੀਤ ਸਿੰਘ, ਕੁਲਵਿੰਦਰ ਸਿੰਘ ਕਿੰਦੀ ਸਮੇਤ ਵੱਡੀ ਗਿਣਤੀ ਕਾਂਗਰਸੀ ਆਗੂ ਮੌਜੂਦ ਸਨ।

# ਬੀਜੇਪੀ ਦੀ ਸਰਕਾਰ ਆਉਣ 'ਤੇ ਕਾਗਜ ਰੱਦ ਕਰਵਾਉਣ ਵਾਲਿਆਂ 'ਤੇ ਹੋਵੇਗੀ ਕਾਰਵਾਈ - ਕੇਂਦਰੀ ਮੰਤਰੀ ਬਿੱਟੂ



**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਦੀ ਸਿਆਸਤ ਵਿੱਚ ਇਸ ਵੇਲੇ ਧੂਰੀ ਕੇਂਦਰ ਬਣਿਆ ਹੋਇਆ ਹੈ। ਨਗਰ ਕੌਂਸਲ ਚੋਣਾਂ ਦੌਰਾਨ ਭਾਜਪਾ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਹੋਣ ਤੋਂ ਬਾਅਦ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਭਾਰਤੀ ਜਨਤਾ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਵੀ ਹੁਣ ਸਰਗਰਮ ਹੋ ਗਈ ਹੈ। ਇਸੇ ਕੜੀ ਹੇਠ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਹੰਗਾਮੀ ਤੌਰ 'ਤੇ ਧੂਰੀ ਦੇ ਸਵੈਣ ਵਰਡ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਨੇ ਪਾਰਟੀ ਆਗੂਆਂ, ਵਰਕਰਾਂ ਅਤੇ ਨਾਮਜ਼ਦਗੀ ਪੱਤਰ ਰੱਦ ਹੋਏ ਉਮੀਦਵਾਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਸਵੈਣ ਵਰਡ ਵਿਖੇ ਇਕੱਠੇ ਹੋਏ ਵੱਡੇ ਜਨਸਮੂਹ ਨੂੰ ਸੰਬੋਧਨ ਕਰਦਿਆਂ ਰਵਨੀਤ ਬਿੱਟੂ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ 'ਤੇ ਤਿੱਖੇ ਹਮਲੇ ਬੋਲਦੇ ਹੋਏ ਕਿਹਾ ਕਿ ਲੋਕਤੰਤਰ ਵਿੱਚ ਹਰ ਪਾਰਟੀ ਅਤੇ ਹਰ ਉਮੀਦਵਾਰ ਨੂੰ ਚੋਣ ਲੜਨ ਦਾ ਪੂਰਾ ਅਧਿਕਾਰ ਹੈ, ਪਰ ਧੂਰੀ ਵਿੱਚ ਜੋ ਕੁਝ ਹੋਇਆ ਉਹ ਲੋਕਤੰਤਰ ਦੀ ਹੱਤਿਆ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਸਾਜ਼ਿਸ਼ ਦੇ ਤਹਿਤ ਭਾਜਪਾ ਉਮੀਦਵਾਰਾਂ ਦੇ ਕਾਗਜ਼ ਰੱਦ ਕੀਤੇ ਗਏ ਹਨ ਤਾਂ ਜੋ ਵਿਰੋਧੀ ਆਵਾਜ਼ਾਂ ਨੂੰ ਦਬਾਇਆ ਜਾ ਸਕੇ। ਉਨ੍ਹਾਂ ਕਿਹਾ, "ਜੇ ਸਰਕਾਰ ਨੂੰ ਆਪਣੀ ਲੋਕਪ੍ਰਿਯਤਾ 'ਤੇ ਇੰਨਾ ਹੀ ਭਰੋਸਾ ਹੈ ਤਾਂ ਫਿਰ ਵਿਰੋਧੀਆਂ ਦੇ ਕਾਗਜ਼ ਰੱਦ ਕਰਨ ਦੀ ਲੋੜ ਕਿਉਂ ਪਈ ? ਇਹ ਸਿੱਧੀ ਧੱਕੇਸ਼ਾਹੀ ਹੈ ਅਤੇ ਭਾਜਪਾ ਇਸਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਕੇਂਦਰੀ ਮੰਤਰੀ ਨੇ ਹੋਰ ਕਿਹਾ ਕਿ ਪੰਜਾਬ ਵਿੱਚ ਚੋਣ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਬਹੁਤ ਹੀ ਚਿੰਤਾਜਨਕ ਗੱਲ ਹੈ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਨਿਰਪੱਖਤਾ ਨਾਲ ਕੰਮ ਨਾ ਕੀਤਾ ਤਾਂ ਭਾਜਪਾ ਵੱਡਾ ਸੰਘਰਸ਼ ਛੇੜੇਗੀ ਅਤੇ ਇਸ ਮਾਮਲੇ ਨੂੰ ਚੋਣ ਕਮਿਸ਼ਨ ਅਤੇ ਅਦਾਲਤ ਦੇ ਸਾਹਮਣੇ ਪੂਰੀ ਤਾਕਤ ਨਾਲ ਰੱਖਿਆ ਜਾਵੇਗਾ। ਇਸ ਮੌਕੇ ਸਰਜੀਵਨ ਜਿੰਦਲ ਜਿਲ੍ਹਾ ਪ੍ਰਧਾਨ, ਪ੍ਰੋਫੈਸਰ ਓਂਕਾਰ ਸਿੰਘ ਸਿੱਧੂ, ਰਣਦੀਪ ਸਿੰਘ ਦਿਓਲ, ਅਮਨਦੀਪ ਸਿੰਘ ਪੂਨੀਆ,ਮੰਡਲ ਪ੍ਰਧਾਨ ਆਸ਼ੀਸ਼ ਗਰਗ ,ਪਰਦੀਪ ਗਰਗ, ਭੁਪੇਸ਼ ਜਿੰਦਲ, ਜਗਦੇਵ ਜਿੰਦਲ ਜੱਗਾ, ਪਰਮਜੀਤ ਸਿੰਘ ਭਿੰਦੀ, ਸੋਨੀ ਬਾਂਗਰੂ ਨਰਪਿੰਦਰ ਸਿੰਘ ਗੋਰਾ, ਅਸ਼ਵਨੀ ਮਿੱਠੂ ਅਮਨਦੀਪ ਸਿੰਘ ਕਾਂਝਲਾ, ਸੁਖਪਾਲ ਸਿੰਘ ਕਾਂਝਲਾ ਹਾਜ਼ਰ ਸਨ।




ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਦਮਦਮੀ ਟਕਸਾਲ ਦੇ 14 ਵੇ ਮੁੱਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇਸਮੂਹ ਸਿੰਘ ਸਿੰਘਣੀਆਂ ਭੁਝੰਗੀਆਂ ਦੀ ਯਾਦ ਵਿੱਚ

# ਪਿੰਡ ਗੱਗੜਭਾਣਾ ਵਿਖੇ ਸਜਾਏ ਦੀਵਾਨ









**ਚੌਕ ਮਹਿਤਾ, 19 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ-ਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ '84 ਤੀਸਰੇ ਘੱਲੂਘਾਰੇ ਦੇ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਅਤੇ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ 42ਵਾਂ ਮਹਾਨ ਸ਼ਹੀਦੀ ਸਮਾਗਮ 6 ਜੂਨ ਨੂੰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਅੰਤਰ ਰਾਸ਼ਟਰੀ ਪੱਧਰ ਤੇ ਮਨਾਇਆ ਜਾਵੇਗਾ। ਇਸ ਸੰਦਰਭ ਦੇ ਵਿਚ ਇਕ ਮਈ ਤੋਂ ਰੋਜਾਨਾਂ ਜਿਲਾ ਅੰਮ੍ਰਿਤਸਰ ਤੇ ਗੁਰਦਾਸਪੁਰ ਦੇ ਪਿੰਡਾਂ ਵਿਚ ਧਾਰਮਿਕ ਦੀਵਾਨ ਸਜਾਏ ਜਾ ਰਹੇ ਹਨ, ਜਿਸ ਦੇ ਚਲਦਿਆਂ ਅੱਜ ਪਿੰਡ ਗੱਗੜਭਾਣਾ ਦੇ ਗੁਰਦੁਆਰਾ ਸਾਹਿਬ ਸ਼ਾਮ ਵੇਲੇ ਦੇ ਦੀਵਾਨ ਸਜਾਏ ਗਏ। ਜਿਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੂਰਜ ਪ੍ਰਕਾਸ਼ ਗ੍ਰੰਥ ਵਿਚੋਂ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਪਾਵਨ ਇਤਿਹਾਸ ਦੇ ਪ੍ਰਸੰਗ ਦੀ ਕਥਾ ਨੂੰ ਅੱਗੇ ਤੋਰਦਿਆਂ ਸੰਗਤਾਂ ਨੂੰ ਗੁਰੂ ਚਰਨਾਂ ਦੇ ਨਾਲ ਜੋੜਿਆ। ਸਮਾਗਮ ਦੇ ਅਖੀਰ ਵਿਚ ਪ੍ਰਬੰਧਕਾ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੂੰ ਸਿਰੋਪਾਓ ਤੇ ਦਸਤਾਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਇਲਾਹੀ ਬਾਣੀ ਦੇ ਰਸ ਭਿੰਨੜੇ ਕੀਰਤਨ ਦੀ ਸੇਵਾ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਲਲਾਲ ਸਿੰਘ ਦੇ ਜਥੇ ਸੰਗਤਾਂ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸ੍ਰਵਨ ਕਰਵਾਇਆ ਗਿਆ। ਇਸ ਮੌਕੇ ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਚੌਕ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ,ਸਰਪੰਚ ਕਸ਼ਮੀਰ ਸਿੰਘ ਕਾਲਾ ਮਹਿਤਾ,ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾਕਟਰ ਅਵਤਾਰ ਸਿੰਘ ਬੁੱਟਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਸਰਪੰਚ ਕਸ਼ਮੀਰ ਸਿੰਘ ਕਾਲਾ,ਭਾਈ ਭਾਗ ਸਿੰਘ,ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਪ੍ਰੋਫਸਰ ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਜੁਝਾਰ ਸਿੰਘ,ਭਾਈ ਪ੍ਰਕਾਸ਼ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ, ਭਾਈ ਤਰਲੋਚਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਤੇ ਸਮਾਪਤੀ ਦੀ ਅਰਦਾਸ ਬੇਨਤੀ ਗਿਆਨੀ ਰਵਿੰਦਰਪਾਲ ਸਿੰਘ ਰਾਜਸਥਾਨੀ ਨੇ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸਿੱਖ ਗੁਰੂਆਂ ਦੇ ਇਤਿਹਾਸ ਸਿੱਖਿਆਵਾਂ ਰਹਿਤ ਮਰਿਆਦਾ ਤੇ ਗੁਰਬਾਣੀ ਦੇ ਅਧਾਰਤ ਧਾਰਮਿਕ ਪ੍ਰੀਖਿਆ 'ਚ

# ਸੇਂਟ ਸੋਲਜਰ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



**ਜੰਡਿਆਲਾ ਗੁਰੂ, 19 ਮਈ ( ਕੁਲਵੰਤ ਸਿੰਘ ਵਿਰਦੀ )**-ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਕਰਵਾਈ ਗਈ ਧਾਰਮਿਕ ਪ੍ਰੀਖਿਆ ਵਿੱਚ ਸੇਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹਨਾਂ ਪ੍ਰੀਖਿਆਵਾਂ ਵਿੱਚ ਲਗਭਗ 70 ਵਿਦਿਆਰਥੀਆਂ ਨੇ ਭਾਗ ਲਿਆ। ਇਹ ਪ੍ਰੀਖਿਆਵਾਂ ਸਾਡੇ ਸਿੱਖ ਗੁਰੂਆਂ ਦੇ ਇਤਿਹਾਸ ਉਹਨਾਂ ਦੀਆਂ ਸਿੱਖਿਆਵਾਂ ਅਤੇ ਸਿੱਖ ਧਰਮ ਨਾਲ ਸੰਬੰਧਿਤ ਰਹਿਤ ਮਰਿਆਦਾ ਅਤੇ ਗੁਰਬਾਣੀ ਦੇ ਅਧਾਰਤ ਸਨ। ਸਕੂਲ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਵੱਧ ਚੜ ਕੇ ਭਾਗ ਲਿਆ। ਸਕੂਲ ਦੇ 16 ਵਿਦਿਆਰਥੀਆਂ ਨੇ 1 ਗਰੇਡ ਹਾਸਲ ਕੀਤਾ ਅਤੇ 9 ਵਿਦਿਆਰਥੀਆਂ ਨੇ ਬੀ ਅਤੇ ਸੀ ਗ੍ਰੇਡ ਹਾਸਲ ਕੀਤਾ। 19 ਵਿਦਿਆਰਥੀਆਂ ਨੇ ਮੈਰਿਟ ਸਰਟੀਫਿਕੇਟ ਹਾਸਿਲ ਕੀਤੇ ਅਤੇ 44 ਵਿਦਿਆਰਥੀਆਂ ਨੇ ਸਪੈਸ਼ਲ ਉਤਸ਼ਾਹ ਵਧਾਓ ਇਨਾਮ ਪ੍ਰਾਪਤ ਕੀਤੇ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਸਾਨੂੰ ਆਪਣੇ ਗੁਰੂਆਂ ਦੀਆਂ ਸਿੱਖਿਆਵਾਂ ਅਤੇ ਗੁਰਬਾਣੀ ਪ੍ਰਤੀ ਸਤਿਕਾਰ ਹੋਣਾ ਬੜਾ ਜਰੂਰੀ ਹੈ। ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਇਹ ਸਫਲਤਾਵਾਂ ਵਿਦਿਆਰਥੀਆਂ ਦੀ ਮਿਹਨਤ ,ਸਕੂਲ ਦੇ ਅਧਿਆਪਕਾਂ ਦੀ ਰਹਿਨੁਮਾਈ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਉਹਨਾਂ ਕਿਹਾ ਕਿ ਸਕੂਲ ਵੱਲੋਂ ਅਜਿਹੀਆਂ ਪ੍ਰੀਖਿਆਵਾਂ ਵਿੱਚ ਸ਼ਾਮਿਲ ਹੋਣ ਲਈ ਬੱਚਿਆਂ ਨੂੰ ਉਤਸਾਹਿਤ ਕੀਤਾ ਜਾਂਦਾ ਹੈ ਤਾਂ ਕਿ ਬੱਚੇ ਆਪਣੇ ਵਿਰਸੇ ਨਾਲ ਅਤੇ ਗੁਰਬਾਣੀ ਨਾਲ ਜੁੜੇ ਰਹਿਣ ਉਹਨਾਂ ਨੇ ਸਾਰੇ ਜੇਤੂ ਵਿਦਿਆਰਥੀਆਂ ਅਤੇ ਅਧਿਆਪਕਾ ਜਗਰੂਪ ਕੌਰ ਨੂੰ ਇਸ ਸਫਲਤਾ ਦੀ ਵਧਾਈ ਅਤੇ ਸ਼ਾਬਾਸ਼ੀ ਦਿੱਤੀ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਬੀ.ਬੀ.ਏ ਅਤੇ ਬੀ.ਸੀ.ਏ 'ਚ ਹੋ ਰਹੇ ਹਨ ਧੜਾਧੜ ਦਾਖਲੇ

# ਐੱਸ.ਐੱਸ.ਡੀ ਕਾਲਜ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀ ਭਰਮਾਰ





ਬਰਨਾਲਾ, 19 ਮਈ (ਆਵਾਜ਼ਿ ਕੌਮ ਬਿਊਰੋ)– ਐੱਸ.ਐੱਸ.ਡੀ ਕਾਲਜ ਬਰਨਾਲਾ ਵਿੱਚ ਨਵੇਂ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਵਿੱਚ ਬਹੁਤ ਉਤਸਾਹ ਪਾਇਆ ਜਾ ਰਿਹਾ ਹੈ, ਕਿਉਂਕਿ ਇਸ ਵਾਰ ਐੱਸ.ਐੱਸ.ਡੀ ਕਾਲਜ ਬਰਨਾਲਾ ਵਿੱਚ ਕਈ ਨਵੇਂ ਕੋਰਸ ਸੁਰੂ ਕੀਤੇ ਗਏ ਹਨ। ਕਾਲਜ ਦੇ ਪ੍ਰਿੰਸੀਪਲ ਡਾ: ਰਾਕੇਸ਼ ਜਿੰਦਲ ਨੇ ਦੱਸਿਆ ਹੈ ਕਿ ਐੱਸ.ਐੱਸ.ਡੀ ਕਾਲਜ ਵਿੱਚ ਬੀ.ਏ, ਬੀ.ਸੀ.ਏ, ਬੀ-ਕਾਮ, ਐਮ.ਏ ਹਿਸਟਰੀ, ਐਮ.ਏ ਪੰਜਾਬੀ, ਐਮ.ਐਸ.ਸੀ ਆਈ.ਟੀ, ਪੀ.ਜੀ.ਡੀ.ਸੀ.ਏ ਅਤੇ ਐਮ ਕਾਮ, ਬੀ.ਬੀ.ਏ ਅਤੇ ਬੀ.ਐਸ.ਸੀ ਮੈਡੀਕਲ ਅਤੇ ਨਾਨ ਮੈਡੀਕਲ ਕੋਰਸਾਂ ਸਮੇਤ ਕਈ ਹੋਰ ਨਵੇਂ ਕੋਰਸ ਸੁਰੂ ਕੀਤੇ ਗਏ ਹਨ। ਇਹਨਾਂ ਸਾਰੇ ਕੋਰਸਾਂ ਕਰਕੇ ਇਲਾਕਾ ਭਰ ਦੇ ਵਿਦਿਆਰਥੀਆਂ ਦਾ ਰੁਝਾਨ ਐੱਸ.ਐੱਸ.ਡੀ ਕਾਲਜ ਵੱਲ ਹੋਇਆ ਹੈ। ਐੱਸ.ਡੀ ਸਭਾ (ਰਜਿ:) ਦੇ ਚੇਅਰਮੈਨ ਡਾ. ਪੀਨਾਂਕ ਮੌਦਗਿੱਲ ਨੇ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਵੱਲੋਂ ਵਿਦਿਅਕ ਖੇਤਰ ਦੇ ਨਾਲ ਨਾਲ ਖੇਡਾਂ ਅਤੇ ਸੱਭਿਆਚਾਰ ਦੇ ਖੇਤਰ ਪ੍ਰਾਪਤ ਕੀਤੀ ਉਪਲੱਬਧੀਆਂ ਨੇ ਦਰਸਾ ਦਿੱਤਾ ਹੈ ਕਿ ਇਲਾਕੇ ਭਰ ਦੇ ਕਾਲਜਾਂ ਵਿੱਚੋਂ ਐੱਸ.ਐੱਸ.ਡੀ ਕਾਲਜ ਹੀ ਸਿਰਕੱਢ ਕਾਲਜ ਹੈ। ਇਸ ਲਈ ਐੱਸ.ਐੱਸ.ਡੀ ਕਾਲਜ ਹੁਣ ਵਿਦਿਆਰਥੀਆਂ ਦੀ ਪਹਿਲੀ ਪਸੰਦ ਬਣ ਗਿਆ ਹੈ। ਉਹਨਾਂ ਦੱਸਿਆ ਕਿ ਬੀ.ਬੀ.ਏ ਅਤੇ ਬੀ.ਸੀ.ਏ ਵਿੱਚ ਵਿਦਿਆਰਥੀ ਧੜਾਧੜ ਦਾਖਲੇ ਹੋ ਰਹੇ ਹਨ, ਕਿਉਂਕਿ ਉਹਨਾਂ ਨੂੰ ਪਿਛਲੇ ਸਾਲ ਵਾਂਗ ਬੀ.ਬੀ.ਏ ਅਤੇ ਬੀ.ਸੀ.ਏ ਦੀਆਂ ਸੀਟਾਂ ਜਲਦੀ ਭਰ ਜਾਣ ਦਾ ਡਰ ਹੈ। ਐੱਸ.ਡੀ ਸਭਾ ਦੇ ਜਨਰਲ ਸਕੱਤਰ ਸ੍ਰੀ ਸਿਵ ਸਿੰਗਲਾ ਨੇ ਕਿਹਾ ਹੈ ਕਿ ਬਹੁਤ ਹੀ ਕਾਬਲ ਸਟਾਫ ਸਦਕਾ ਖੁੱਲੇ ਵਾਤਾਵਰਣ ਵਿੱਚ ਵੱਡੇ ਵੱਡੇ ਖੇਡ ਮੈਦਾਨਾਂ ਵਾਲੇ ਐੱਸ.ਐੱਸ.ਡੀ ਕਾਲਜ 'ਚ ਪੜਨ ਵਾਲੇ ਵਿਦਿਆਰਥੀਆਂ ਨੇ ਹਰ ਖੇਤਰ ਵਿੱਚ ਮੱਲਾਂ ਮਾਰੀਆਂ ਹਨ। ਜਿਥੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਨੇ ਲਾ-ਮਿਸਾਲ ਰੁਤਬੇ ਹਾਸਲ ਕੀਤੇ ਹਨ, ਉਥੇ ਖੇਡਾਂ ਦੇ ਖੇਤਰ ਵਿੱਚ ਵੀ ਸੂਬਾ ਅਤੇ ਨੈਸ਼ਨਲ ਪੱਧਰ 'ਤੇ ਤਮਗੇ ਜਿੱਤ ਕੇ ਵਿਦਿਆਰਥੀਆਂ ਨੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ । ਉਹਨਾਂ ਦੱਸਿਆ ਹੈ ਕਿ ਬੱਸ ਸਟੈਂਡ ਬਰਨਾਲਾ ਦੇ ਨਜ਼ਦੀਕ ਤਰਕਸੀਲ ਚੌਂਕ ਤੋਂ ਮਹਿਜ ਕੁੱਝ ਹੀ ਮੀਟਰ ਦੂਰ ਹੋਣ ਕਾਰਨ ਨੇੜਲੇ ਪਿੰਡਾਂ ਤੋਂ ਆਉਣ ਵਾਲੇ ਵਿਦਿਆਰਥੀਆਂ ਲਈ ਆਵਾਜਾਈ ਬਹੁਤ ਹੀ ਆਸਾਨ ਹੈ। ਇਸ ਕਰਕੇ ਹੁਣ ਵਿਦਿਆਰਥੀਆਂ ਦੀ ਪਹਿਲੀ ਪਸੰਦ ਐੱਸ.ਐੱਸ.ਡੀ ਕਾਲਜ ਬਣ ਗਿਆ ਹੈ। ਇਸ ਲਈ ਕਾਲਜ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀ ਭਰਮਾਰ ਹੈ।

# ਵਾਰਡ ਨੰਬਰ 31ਤੋਂ ਭਾਜਪਾ ਉਮੀਦਵਾਰ ਅਤੇ ਇੱਕ ਆਜ਼ਾਦ ਉਮੀਦਵਾਰ ਦੇ ਕਾਗਜ ਗਲਤ ਤਰੀਕੇ ਨਾਲ ਰੱਦ ਕਰਨ ਦੇ ਰੋਸ ਵਜੋਂ ਅੱਜ ਸਮੂਹ ਪਾਰਟੀਆਂ ਵੱਲੋਂ ਲਾਇਆ ਗਿਆ ਧਰਨਾ

ਬਰਨਾਲਾ, 19 ਮਈ (ਆਵਾਜ਼ਿ ਕੌਮ ਬਿਊਰੋ)–ਨਗਰ ਨਿਗਮ ਬਰਨਾਲਾ ਦੀਆਂ ਚੋਣਾਂ ਲਈ ਚੋਣ ਲੜ ਰਹੇ ਵਾਰਡ ਨੰਬਰ 31 ਤੋਂ ਭਾਜਪਾ ਉਮੀਦਵਾਰ ਰਜਨੀ ਰਾਣੀ ਅਤੇ ਆਜ਼ਾਦ ਉਮੀਦਵਾਰ ਸਵੀਟੀ ਗੋਇਲ ਦੇ ਗਲਤ ਢੰਗ ਨਾਲ ਨਾਮਜਦਗੀ ਪੱਤਰ ਰੱਦ ਹੋਣ ਦੇ ਰੋਸ ਵਜੋਂ ਅੱਜ ਸਮੂਹ ਵਿਰੋਧੀ ਪਾਰਟੀਆਂ ਵੱਲੋਂ ਡੀਸੀ ਦਫਤਰ ਅੱਗੇ ਰੋਸ ਧਰਨਾ ਦਿੱਤਾ ਗਿਆ। ਗੱਲਬਾਤ ਕਰਦੇਆਂ ਉਹਨਾਂ ਦੱਸਿਆ ਕਿ ਨਾਮਜਦਗੀ ਪੱਤਰਾਂ ਦੀ ਪੜਤਾਲ ਵੇਲੇ ਦੇਰ ਸ਼ਾਮ ਤੱਕ ਵਾਰਡ ਨੰਬਰ 31 ਤੋਂ ਭਾਜਪਾ ਉਮੀਦਵਾਰ ਅਤੇ ਆਜ਼ਾਦ ਉਮੀਦਵਾਰ ਦੇ ਨਾਮਜਦਗੀ ਪੱਤਰ ਰੱਦ ਹੋਣ ਦੀ ਚਰਚਾ ਚਲਦੀ ਰਹੀ ਪ੍ਰੰਤੂ ਦੇ ਸ਼ਾਮ ਦੋਵਾਂ ਦੇ ਨਾਮਜਦਗੀ ਪੱਤਰਾਂ ਤੇ ਇਤਰਾਜ਼ ਕਰਨ ਵਾਲੀ ਮਹਿਲਾ ਨੇ ਆਪਣੇ ਇਤਰਾਜ ਵਾਪਸ ਲੈ ਲਏ ਤਾਂ ਰਿਟਰਨਿੰਗ ਅਧਿਕਾਰੀ ਨੇ ਦੋਵੇਂ ਉਮੀਦਵਾਰਾਂ ਦੇ ਨਾਮਜਦਗੀ ਪੱਤਰ ਠੀਕ ਹੋਣ ਦਾ ਭਰੋਸਾ ਦੇ ਕੇ ਘਰ ਤੋਰ ਦਿੱਤਾ। ਅੱਜ ਸਵੇਰੇ 19 ਮਈ ਨੂੰ ਦਿਨ ਚੜਦੇ ਹੀ ਸ਼ਹਿਰ ਬਰਨਾਲਾ ਵਿੱਚ ਵਾਰਡ ਨੰਬਰ 31 ਤੋਂ ਭਾਜਪਾ ਉਮੀਦਵਾਰ ਅਤੇ ਇੱਕ ਆਜ਼ਾਦ ਉਮੀਦਵਾਰ ਦੇ ਨਾਮਜਦਗੀ ਪੱਤਰ ਰੱਦ ਹੋਣ ਦਾ ਰੌਲਾ ਪੈ ਗਿਆ। ਜਿਸ ਤੋਂ ਬਾਅਦ ਭਾਜਪਾ ਵਰਕਰਾਂ ਸਮੇਤ ਕਾਂਗਰਸ ਅਕਾਲੀ ਦਲ ਅਤੇ ਗੁਰਦੀਪ ਸਿੰਘ ਬਾਠ ਦੇ ਸਮਰਥਕਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਡੀ ਸੀ ਦਫਤਰ ਅੱਗੇ ਧਰਨਾ ਲਗਾਇਆ। ਉਕਤ ਆਗੂਆਂ ਨੇ ਇਕੱਠੇ ਹੋ ਕੇ ਸ੍ਰੀ ਵਿਵੇਕ ਕੁਮਾਰ ਮੋਦੀ ਏ ਡੀ ਸੀ ਜਨਰਲ ਨੂੰ ਮਿਲ ਕੇ ਨਾਮਜਦਗੀ ਪੱਤਰ ਰੱਦ ਕਰਨ ਸਬੰਧੀ ਮੁਲਾਕਾਤ ਕੀਤੀ ਤਾਂ ਉਨਾਂ ਨੇ ਦੋ ਟੁੱਕ ਜਵਾਬ ਦੇ ਦਿੱਤਾ ਕਿ ਹੁਣ ਕੁਝ ਨਹੀਂ ਹੋ ਸਕਦਾ ਜਿਹੜੇ ਨਾਮਜਦਗੀ ਪੱਤਰ ਰੱਦ ਹੋ ਗਏ ਸੋ ਹੋ ਗਏ। ਆਗੂਆਂ ਨੇ ਏਡੀਸੀ ਨੂੰ ਸਵਾਲ ਕੀਤਾ ਕਿ ਜਦੋਂ ਬੀਤੀ ਸ਼ਾਮ ਨਾਮ ਜਦਗੀ ਪੱਤਰ ਠੀਕ ਹੋਣ ਦਾ ਭਰੋਸਾ ਦਿੱਤਾ ਗਿਆ ਫੇਰ ਦੇਰ ਰਾਤ ਨਾਮਜਦਗੀ ਪੱਤਰ ਰੱਦ ਕਿਉਂ ਹੋ ਗਏ ਇਸ ਦਾ ਜਵਾਬ ਦੇਣ ਤੋਂ ਇਹ ਡੀਸੀ ਨੇ ਇਨਕਾਰ ਕਰ ਦਿੱਤਾ। ਉਸ ਉਪਰੰਤ ਪੂਰਾ ਮਾਹੌਲ ਤਨਾਅ ਪੂਰਨ ਹੋ ਗਿਆ ਸਾਰੇ ਆਗੂ ਇਕੱਠੇ ਹੋ ਕੇ ਜਿਲਾ ਪ੍ਰਬੰਧਕੀ ਕੰਪਲੈਕਸ ਦੇ ਸਾਹਮਣੇ ਸੜਕ ਤੇ ਬੈਠ ਗਏ ਜਿੱਥੇ ਪੁਲਿਸ ਨੇ ਸਾਰੇ ਆਗੂਆਂ ਅਤੇ ਵਰਕਰਾਂ ਨਾਲ ਧੱਕਾ ਮੁੱਕੀ ਖਿੱਚਧੂਹ ਕੀਤੀ। ਕੁਝ ਆਗੂਆਂ ਨੂੰ ਪੁਲਿਸ ਜਬਰਦਸਤੀ ਗੱਡੀਆਂ ਵਿੱਚ ਬਿਠਾ ਕੇ ਥਾਣੇ ਲੈ ਗਈ ਅਤੇ ਬਾਅਦ ਵਿੱਚ ਛੱਡ ਦਿੱਤਾ ਗਿਆ।

# ਆਮ ਆਦਮੀ ਪਾਰਟੀ ਨਗਰ ਕੌਂਸਲ ਦੀਆਂ 15 ਸੀਟਾਂ ਤੇ ਜਿੱਤ ਪ੍ਰਾਪਤ ਕਰੇਗੀ :- ਕੈਬਨਿਟ ਮੰਤਰੀ ਈਟੀਓ

## ਕੈਬਨਿਟ ਮੰਤਰੀ ਸ੍ਰ ਈਟੀਉ ਵੱਲੋਂ ਸ਼ਹਿਰ ਚ ਕੀਤੇ ਵਿਕਾਸ ਨੂੰ ਦੇਖ ਕੇ ਜਨਤਾ ਖੁਦ ਓਹਨਾਂ ਦੇ ਹੱਕ ਚ ਵੋਟਾਂ ਭੁਗਤਾ ਕੇ ਇਨਾਮ ਦੇਵੇਗੀ ਐਡਵੋਕੇਟ ਮਲਹੋਤਰਾ



ਜੰਡਿਆਲਾ ਗੁਰੂ 19 ਮਈ ( ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਨਗਰ ਕੌਂਸਲ ਚੋਣਾਂ ਦੌਰਾਨ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵਲੋ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਜੋਰਦਾਰ ਪਰਚਾਰ ਕੀਤਾ ਜਾ ਰਿਹਾ ਹੈ । ਬੀਤੀ ਸ਼ਾਮ ਵਾਰਡ ਨੰਬਰ 12 ਤੋਂ ਉਮੀਦਵਾਰ ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਦੇ ਹੱਕ ਵਿੱਚ ਓਹਨਾਂ ਦੇ ਦਫਤਰ ਬਾਜ਼ਾਰ ਠਠਿਆਰਾਂ ਵਿਖੇ ਇਕ ਮੀਟਿੰਗ ਕੀਤੀ ਗਈ ਜਿਸ ਵਿੱਚ ਬੋਲਦਿਆ ਮੰਤਰੀ ਨੇ ਕਿਹਾ ਕਿ ਇਸ ਵਾਰ ਜੰਡਿਆਲਾ ਨਗਰ ਕੌਂਸਲ ਵਿੱਚ ਇਤਿਹਾਸ ਰਚਿਆ ਜਾਵੇਗਾ ਅਤੇ ਸਾਰੀਆਂ 15 ਸੀਟਾਂ ਤੇ ਜਿੱਤ ਪ੍ਰਾਪਤ ਕਰਕੇ ਨਗਰ ਕੌਂਸਲ ਵਿੱਚ ਮਜ਼ਬੂਤ ਟੀਮ ਭੇਜੀ ਜਾਵੇਗੀ । ਓਹਨਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹੋਕੇ ਲਗਾਤਾਰ ਪਰਿਵਾਰ ਆਪ ਪਾਰਟੀ ਨਾਲ ਜੁੜ ਰਹੇ ਹਨ । ਇਸ ਮੋਕੇ ਵੱਖ ਵੱਖ ਪਾਰਟੀਆਂ ਨੂੰ ਛੱਡਕੇ ਆਪ ਵਿਚ ਸ਼ਾਮਿਲ ਹੋਏ ਪਰਿਵਾਰਾਂ ਦਾ ਓਹਨਾਂ ਨੇ ਧੰਨਵਾਦ ਕੀਤਾ । ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਨੇ ਬੋਲਦਿਆਂ ਕਿਹਾ ਕਿ ਜੋ ਵਿਕਾਸ ਕਾਰਜ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਸ਼ਹਿਰ ਵਿਚ ਕਰ ਦਿੱਤੇ ਹਨ ਉਸਨੂੰ ਦੇਖਦੇ ਹੋਏ ਜਨਤਾ ਖੁਦ ਓਹਨਾਂ ਦੇ ਹੱਕ ਵਿੱਚ ਵੋਟਾਂ ਭੁਗਤਾਕੇ ਓਹਨਾਂ ਨੂੰ ਇਨਾਮ ਦੇਣਾ ਚਾਹੁੰਦੀ ਹੈ ਅਤੇ ਵਾਰਡ ਨੰਬਰ 12 ਵੀ ਭਾਰੀ ਬਹੁਮਤ ਨਾਲ ਜਿੱਤਕੇ ਮੰਤਰੀ ਸਾਹਿਬ ਦੀ ਝੋਲੀ ਪਾਵਾਂਗੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਓਐਸਡੀ ਸੁੱਖੀ ਨੇ ਆਪ ਦੇ ਉਮੀਦਵਾਰ ਸੰਦੀਪ ਬਾਂਸਲ ਦੇ ਹੱਕ ਵਿੱਚ ਕੀਤਾ ਪ੍ਰਚਾਰ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਵੱਲੋਂ ਵਾਰਡ ਨੰਬਰ 14 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਦੀਪ ਬਾਂਸਲ ਦੇ ਹੱਕ ਵਿੱਚ ਵੱਖ-ਵੱਖ ਮੀਟਿੰਗਾ ਕੀਤੀਆਂ ਗਈਆਂ। ਇਸ ਮੌਕੇ ਵੱਖ ਵੱਖ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਕਿਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਧੂਰੀ ਸ਼ਹਿਰ ਦੇ ਵਿਕਾਸ ਲਈ ਹਰ ਵਕਤ ਚਿੰਤਿਤ ਰਹਿੰਦੇ ਹਨ ਉਹਨਾਂ ਵੱਲੋਂ ਕੀਤੇ ਗਏ ਵਿਕਾਸ ਕਾਰਜ ਪਿਛਲੀਆਂ ਸਰਕਾਰਾਂ 70 ਸਾਲਾਂ ਦੇ ਵਿੱਚ ਨਹੀਂ ਕਰ ਸਕੀਆਂ, ਜੋ ਮੁੱਖ ਮੰਤਰੀ ਮਾਨ ਨੇ ਚਾਰ ਸਾਲਾਂ ਵਿੱਚ ਕਰ ਦਿਖਾਏ ਹਨ । ਉਹਨਾਂ ਵਾਰਡ ਨੰਬਰ 14 ਦੇ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 26 ਮਈ ਨੂੰ ਇਕ ਇਕ ਵੋਟ ਪਾ ਕੇ ਆਮ ਆਦਮੀ ਪਾਰਟੀ ਦੀ ਉਮੀਦਵਾਰ ਸੰਦੀਪ ਬਾਂਸਲ ਨੂੰ ਕਾਮਯਾਬ ਬਣਾਓ। ਇਸ ਮੌਕੇ ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਕੁਲਵਿੰਦਰ ਸਿੰਘ ਹਸਨਪੁਰ, ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟਾਂ, ਸਰਪੰਚ ਮਨਪ੍ਰੀਤ ਸਿੰਘ ਬਬਨਪੁਰ, ਗੁਰਚਰਨ ਸਿੰਘ ਕਾਲਾ ਬੇਨੜਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਗੋਬਿੰਦ ਸਿੰਘ ਕਾਲ ਜੀ ਏਟ ਸੀਨੀਅਰ ਸੈਕੰਡਰੀ ਸਕੂਲ ਸੰਘੇੜਾ ਦਾ ਪਲਸ ਟੂ ਦਾ ਨਤੀਜਾ ਆਇਆ ਸ਼ਾਨਦਾਰ

ਬਰਨਾਲਾ, 19 ਮਈ (ਆਵਾਜ਼ਿ ਕੌਮ ਬਿਊਰੋ)– ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਸੰਘੇੜਾ ਵਿਖੇ ਸੰਸਥਾ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਸਰਦਾਰ ਭੋਲਾ ਸਿੰਘ ਵਿਰਕ ਜੀ ਦੀ ਰਹਿਨੁਮਾਈ ਹੇਠ ਅਤੇ ਸਕੂਲ ਪ੍ਰਿੰਸੀਪਲ ਡਾਕਟਰ ਰਵਿੰਦਰ ਕੌਰ ਜਵੰਦਾ ਜੀ ਦੀ ਦੇਖ ਰੇਖ ਹੇਠ ਸੰਸਥਾ ਦੇ +2 ਕਲਾਸ ਦਾ ਨਤੀਜਾ ਵਧੀਆ ਆਉਣ ਤੇ ਖੁਸ਼ੀ ਪ੍ਰਗਟ ਕਰਦਿਆਂ ਹੋਇਆਂ ਸਰਦਾਰ ਭੋਲਾ ਸਿੰਘ ਬਿਰਕ ਜੀ ਨੇ ਵਿਦਿਆਥੀਆਂ ਦਾ ਮਾਣ ਵਧਾਇਆ। ਸੰਸਥਾ ਦੇ ਪ੍ਰਧਾਨ ਸਰਦਾਰ ਭੋਲਾ ਸਿੰਘ ਵਿਰਕ ਜੀ ਦੀ ਦੂਰ ਅੰਦੇਸ਼ੀ ਅਤੇ ਸਮਾਜ ਸੇਵੀ ਸ਼ਖਸ਼ੀਅਤ ਦੇ ਮਾਲਕ ਜਿਨਾਂ ਦੀ ਅਗਵਾਈ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਸੰਘੇੜਾ ਸੰਸਥਾਵਾਂ ਚੱਲ ਰਹੀਆਂ ਹਨ। ਵਿਦਿਆਰਥੀਆਂ ਦੀ ਇਸ ਪ੍ਰਾਪਤੀ ਤੇ ਸਰਦਾਰ ਭੋਲਾ ਸਿੰਘ ਵਿਰਕ ਵਲੋਂ ਵਿਦਿਆਰਥੀਆਂ ਨੂੰ ਨਗਦ ਰਾਸ਼ੀ ਅਤੇ ਪ੍ਰਸ਼ੰਸ਼ਾ ਪੱਤਰ ਦਿੱਤੇ ਗਏ ਇਹਨਾਂ ਦੀ ਹੌਸਲਾ ਅਫਜਾਈ ਕੀਤੀ ਗਈ ਨਾਲ ਹੀ ਉਹਨਾਂ ਨੇ ਕਾਲਜ ਵਿੱਚ ਅਗਲੀ ਪੜ੍ਹਾਈ ਕਰਨ ਲਈ ਉਨਾਂ ਵਿਦਿਆਰਥੀਆਂ ਦੀ ਫੀਸ ਵਿੱਚ ਵੀ ਵਿਸ਼ੇਸ਼ ਤੌਰ ਤੇ ਛੋਟ ਦੇਣ ਦਾ ਐਲਾਨ ਕੀਤਾ। ਆਰਟਸ ਗਰੁੱਪ ਦੀਆਂ ਵਿਦਿਆਰਥਨਾਂ ਨੇ ਸਕੂਲ ਵਿੱਚੋਂ ਚੰਗੇ ਅੰਕ ਪ੍ਰਾਪਤ ਕੀਤੇ ਜਿਸ ਵਿੱਚ ਅਵਨੀਤ ਕੌਰ ਨੇ 90% ਲੈ ਕੇ ਪਹਿਲਾ ਸਥਾਨ,, ਗੁਨਰੀਤ ਕੌਰ ਨੇ 88.4% ਨੰਬਰ ਲੈ ਕੇ ਦੂਸਰਾ ਸਥਾਨ ਅਤੇ ਪਰਮੀਨ ਕੌਰ ਨੇ 85% ਨੰਬਰ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। ਕਾਮਰਸ ਗਰੁੱਪ ਦੇ ਵਿਦਿਆਰਥੀ ਸਿਮਰਨਜੀਤ ਕੌਰ ਨੇ 87% ਨੰਬਰ ਲੈ ਕੇ ਪਹਿਲਾ ਸਥਾਨ ਮਨਜਿੰਦਰ ਸਿੰਘ ਨੇ 74.4% ਨੰਬਰ ਲੈ ਕੇ ਦੂਸਰਾ ਸਥਾਨ ਅਤੇ ਨਵਜੋਤ ਕੌਰ ਨੇ 72.4% ਨੰਬਰ ਲੈ ਕੇ ਤੀਸਰਾ ਸਥਾਨ ਹਾਸਿਲ ਕੀਤਾ।